
ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਬੁੱਧਵਾਰ, 25 ਸਤੰਬਰ 2024
Email:- lokbani08@gmail.com

**ਅੱਜ ਦਾ ਸ਼ੁਭ ਵਿਚਾਰ**



ਕਿਸੇ ਦੀਆ ਸੁਣਾਈਆਂ ਹੋਈਆਂ ਗੱਲਾਂ ਤੇ ਤੁਰੰਤ ਯਕੀਨ ਨਹੀਂ ਕਰ ਲੈਣਾ ਚਾਹੀਦਾ, ਕਿਉਂਕਿ ਲੋਕ ਤੁਹਾਨੂੰ ਉਹ ਗੱਲਾਂ ਕਦੇ ਨਹੀਂ ਦੱਸਦੇ ਜਿਸ ਵਿੱਚ ਉਹ ਖੁਦ ਗ਼ਲਤ ਹੋਣ।

ਨਰਿੰਦਰ ਨੀਟਾ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✶ ਸਾਲ 16 , ✶ ਅੰਕ : 108, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

## ਲਿਬਨਾਨ ਚ ਇਜ਼ਰਾਈਲ ਦੇ ਹਮਲੇ ਵਿਚ 492 ਲੋਕਾਂ ਦੀ ਹੋਈ ਮੌਤ



**ਮਰਜ਼ਯੂਨ ,ਲੋਕ ਬਾਣੀ**-ਲਿਬਨਾਨ ਵਿਚ ਸੋਮਵਾਰ ਨੂੰ ਹੋਏ ਇਜ਼ਰਾਈਲ ਦੇ ਹਮਲੇ ਵਿਚ 490 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ, ਜਿੰਨ੍ਹਾਂ ਵਿਚ 90 ਤੋਂ ਮਹਿਲਾਵਾਂ ਅਤੇ ਬੱਚੇ ਹਨ। ਲਿਬਨਾਨ ਦੇ ਅਧਿਕਾਰੀਆਂ ਨੇ ਦੱਸਿਆ ਕਿ ਸਾਲ 2006 ਵਿਚ ਇਜ਼ਰਾਈਲ ਹਿਜਬੁੱਲਾ ਯੁੱਧ ਤੋਂ ਬਾਅਦ ਇਹ ਸਭ ਤੋਂ ਭਿਆਨਕ ਹਮਲਾ ਹੈ। ਲਿਬਨਾਨ ਦੇ ਸਿਹਤ ਵਿਭਾਗ ਅਨੁਸਾਰ ਹਮਲਿਆਂ ਵਿਚ 35 ਬੱਚੇ ਅਤੇ 58 ਮਹਿਲਾਵਾਂ ਸਮੇਤ 492 ਲੋਕ ਮਾਰੇ ਗਏ ਅਤੇ 1645 ਲੋਕ ਜ਼ਖਮੀ ਹੋਏ ਹਨ। ਅਧਿਕਾਰੀਆਂ ਨੇ ਕਿਹਾ ਦੇਸ਼ ਹਾਲੇ ਸੰਚਾਰ ਉਪਕਰਨਾਂ ਦੇ ਹਮਲੇ ਤੋਂ ਉਭਰਿਆ ਨਹੀਂ ਸੀ ਕਿ ਇਕ ਘਾਤਕ ਹਮਲਾ ਹੋ ਹੋ ਗਿਆ।

## ਜੰਮੂ ਕਸ਼ਮੀਰ ਵਿਚ ਭਿਆਨਕ ਹਾਦਸੇ ਵਿੱਚ ਚੋਣ ਅਧਿਕਾਰੀ ਦੀ ਹੋਈ ਮੌਤ



**ਕਟੜਾ , ਲੋਕ ਬਾਣੀ**-- ਜੰਮੂ ਅਤੇ ਕਸ਼ਮੀਰ ਦੇ ਰਿਆਸੀ ਜ਼ਿਲ੍ਹੇ ਵਿਚ ਚੋਣ ਡਿਊਟੀ ਤੇ ਜ਼ੋਨਲ ਮੈਜਿਸਟ੍ਰੇਟ ਨੂੰ ਲਿਜਾ ਰਿਹਾ ਉਨ੍ਹਾਂ ਦਾ ਵਾਹਨ ਡੂੰਘੀ ਖੱਡ ਵਿਚ ਡਿੱਗਣ ਕਾਰਨ ਇਕ ਪੁਲਿਸ ਮੁਲਾਜ਼ਮ ਸਮੇਤ ਦੋ ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਜ਼ੋਨਲ ਮੈਜਿਸਟ੍ਰੇਟ ਅਜੈ ਕੁਮਾਰ ਹਾਲਾਂਕਿ ਮਾਮੂਲੀ ਸੱਟਾਂ ਨਾਲ ਬਚ ਗਿਆ ਕਿਉਂਕਿ ਉਸ ਨੇ ਪਹਿਲਾਂ ਹੀ ਵਾਹਨ ਤੋਂ ਛਾਲ ਮਾਰ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਕੁਮਾਰ ਸ਼ਾਡੋਲ ਪੋਲਿੰਗ ਸਟੇਸ਼ਨ ਖੇਤਰ ਵਿਚ ਪੋਲਿੰਗ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਗੁਲਾਬਗੜ੍ਹ ਜਾ ਰਿਹਾ ਸੀ।

## ਹਾਈਕੋਰਟ ਨੇ ਕਰਨਾਟਕ ਦੇ ਮੁੱਖ ਮੰਤਰੀ ਦੀ ਪਟੀਸ਼ਨ ਕੀਤੀ ਖਾਰਜ



**ਬੰਗਲੂਰੂ,, ਲੋਕ ਬਾਣੀ**--ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮੱਈਆ ਨੂੰ ਝਟਕਾ ਦਿੰਦਿਆਂ ਕਰਨਾਟਕ ਹਾਈ ਕੋਰਟ ਨੇ ਮੰਗਲਵਾਰ ਨੂੰ ਉਨ੍ਹਾਂ ਦੀ ਉਹ ਪਟੀਸ਼ਨ ਖ਼ਾਰਜ ਕਰ ਦਿੱਤੀ, ਜਿਸ ਵਿਚ ਉਨ੍ਹਾਂ ਥਾਵਾਂ ਦੀ ਅਲਾਟਮੈਂਟ ਦੇ ਇਕ ਮਾਮਲੇ ਵਿਚ ਆਪਣੇ ਖ਼ਿਲਾਫ਼ ਜਾਂਚ ਕਰਨ ਦੀ ਸੂਬੇ ਦੇ ਰਾਜਪਾਲ ਥਾਵਰ ਚੰਦ ਗਹਿਲੋਤ ਵੱਲੋਂ ਦਿੱਤੀ ਗਈ ਮਨਜ਼ੂਰੀ ਨੂੰ ਚੁਣੌਤੀ ਦਿੱਤੀ ਸੀ। ਰਾਜਪਾਲ ਨੇ ਮੁੱਖ ਮੰਤਰੀ ਦੀ ਪਤਨੀ ਨੂੰ ਮੈਸੂਰ ਅਰਬਨ ਡਿਵੈਲਪਮੈਂਟ ਅਥਾਰਿਟੀ (ਮੂਡਾ) ਵੱਲੋਂ ਅਹਿਮ ਖੇਤਰ ਵਿਚ 14 ਥਾਵਾਂ ਆਲਟ ਕੀਤੇ ਜਾਣ ਦੇ ਮਾਮਲੇ ਵਿਚ ਸਿੱਧਾਰਮੱਈਆ ਖ਼ਿਲਾਫ਼ ਜਾਂਚ ਕਰਨ ਦੀ ਪ੍ਰਵਾਨਗੀ ਦਿੱਤੀ ਸੀ

## ਸੈਂਸੈਕਸ 85000ਦੇ ਅੰਕੜੇ ਕੀਤੇ ਪਾਰ ਨਿਫਟੀ 26000ਤੋ ਪਾਰ



**ਚੰਡੀਗੜ੍ਹ, ਵਿਨੋਦ ਸ਼ਰਮਾ**--ਮਾਂਤਰੀ ਪੱਧਰ 'ਤੇ ਦਰਾਂ ਵਿਚ ਕਟੌਤੀ ਦੇ ਵਿਚਕਾਰ ਭਾਰਤੀ ਸ਼ੇਅਰ ਬਜ਼ਾਰ ਵਿਚ ਤੇਜ਼ੀ ਰਹੀ। ਕਾਰੋਬਾਰ ਦੌਰਾਨ ਸੈਂਸੈਕਸ 85,000 ਅਤੇ ਨਿਫ਼ਟੀ 26,000 ਦੇ ਪਾਰ ਪਹੁੰਚ ਗਿਆ। ਸੈਂਸੈਕਸ 14.57 ਅੰਕ ਦੀ ਗਿਰਾਵਟ ਨਾਲ 84,914.04 ਅੰਕ 'ਤੇ ਬੰਦ ਹੋਇਆ, ਜਦੋਂ ਕਿ ਨਿਫ਼ਟੀ ਸਿਰਫ 1.35 ਅੰਕ ਜਾਂ 0.0052 ਫੀਸਦੀ ਦੇ ਵਾਧੇ ਨਾਲ 25,940.40 ਅੰਕ 'ਤੇ ਬੰਦ ਹੋਇਆ।

## ਦੇਸ਼ ਦੀ ਰਾਜਧਾਨੀ ਵਿਚ ਡੇਂਗੂ ਦਾ ਕਹਿਰ 300 ਮਰੀਜ ਨਵੇਂ ਸਾਹਮਣੇ ਆਏ



**ਦਿੱਲੀ , ਲੋਕ ਬਾਣੀ**-- ਦਿੱਲੀ ਵਿਚ ਇਸ ਮਹੀਨੇ ਤੱਕ ਮਲੇਰੀਆ ਦੇ 363 ਮਾਮਲੇ ਸਾਹਮਣੇ ਆਏ ਹਨ। ਮਲੇਰੀਆ ਦੇ ਜ਼ਿਆਦਾਤਰ ਮਾਮਲੇ ਪੱਛਮੀ ਦਿੱਲੀ ਖੇਤਰ ਤੋਂ ਸਾਹਮਣੇ ਆਏ ਹਨ। ਹੁਣ ਤੱਕ ਚਿਕਨਗੁਨੀਆ ਦੇ 43 ਮਾਮਲੇ ਸਾਹਮਣੇ ਆ ਚੁੱਕੇ ਹਨ। ਇਹ ਪਿਛਲੇ ਸਾਲ ਦੇ ਮੁਕਾਬਲੇ ਲਗਭਗ ਦੁੱਗਣਾ ਹੈ ।

## 12ਵੀ ਜਮਾਤ ਦੇ ਵਿਦਿਆਰਥੀ ਦੀ ਹੋਈ ਸਕੂਲ ਵਿੱਚ ਮੋਤ



**ਮੋਹਾਲੀ, ਲੋਕ ਬਾਣੀ** ---ਨਿੱਜੀ ਸਕੂਲ 'ਚ ਛੁੱਟੀ ਹੋਣ ਮਗਰੋਂ ਚੱਕਰ ਆਉਣ ਕਾਰਨ ਵਿਦਿਆਰਥੀ ਜ਼ਮੀਨ 'ਤੇ ਡਿੱਗ ਗਿਆ, ਜਦੋਂ ਉਸ ਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ ਤਾਂ ਡਾਕਟਰਾਂ ਨੇ ਜਾਂਚ ਉਪਰੰਤ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਦੀ ਪਛਾਣ ਜ਼ੀਰਕਪੁਰ ਦੇ ਪਿੰਡ ਰਾਮਗੜ੍ਹ ਭੁੱਢਾ ਦੇ ਪਰਮ ਵਜੋਂ ਹੋਈ ਹੈ, ਜੋ 12ਵੀਂ ਜਮਾਤ ਦਾ ਵਿਦਿਆਰਥੀ ਸੀ। ਅੰਬਾਲਾ-ਚੰਡੀਗੜ੍ਹ ਹਾਈਵੇ 'ਤੇ ਸਥਿਤ ਜੀ.ਐੱਸ. ਮੈਮੋਰੀਅਲ ਸਕੂਲ 'ਚ ਪਰਮ ਸੋਮਵਾਰ ਨੂੰ ਰੋਜ਼ਾਨਾ ਵਾਂਗ ਆਇਆ ਸੀ।

## ਜਲੰਧਰ ਜ਼ਿਲ੍ਹੇ ਚ ਹੋਏ ਸਰਕਾਰੀ ਸਕੀਮਾਂ ਦੇ ਘਪਲੇ




**ਜਲੰਧਰ, ਬਿੱਟੂ ਫੋਲੜੀਵਾਲ** --ਪੰਜਾਬ ਦੇ ਜਲੰਧਰ ਜ਼ਿਲ੍ਹੇ ਤੋਂ ਵੱਡੀ ਖਬਰ ਆ ਰਹੀ ਹੈ ਜਿਥੇ ਕਿ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਲੋੜਵੰਦ ਤੇ ਗਰੀਬ ਪਰਿਵਾਰਾਂ ਦਾ ਜੀਵਨ ਪੱਧਰ ਸਰਕਾਰੀ ਸਕੀਮਾਂ ਚ ਘਪਲੇ ਦੀ ਖ਼ਬਰ ਹੈ ਨਗਰ ਕੌਂਸਲ ਨਕੋਦਰ ਵਿਚ ਇਸ ਦੇ ਸਬੰਧ ਵਿਚ ਇਕ ਘਪਲਾ ਹੋਇਆ, ਜਿੱਥੇ ਇਕ ਕਲਰਕ ਨਵੀ ਨਾਹਰ ਨੂੰ ਇਸ ਯੋਜਨਾ ਦੇ ਕੇਸਾਂ 'ਚ ਹੇਰ-ਫੇਰ ਕਰਨ 'ਤੇ ਕਾਰਜ ਸਾਧਕ ਅਫ਼ਸਰ ਨੇ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ, ਜਿਸ ਦੀ ਪੁਸ਼ਟੀ ਕਾਰਜ ਸਾਧਕ ਅਫਸਰ ਨਕੋਦਰ ਰਣਧੀਰ ਸਿੰਘ ਨੇ ਕੀਤੀ।

## 'ਐੱਨਆਰਆਈ ਕੋਟੇ' ਬਾਰੇ ਪੰਜਾਬ ਦੀ ਪਟੀਸ਼ਨ ਸੁਪਰੀਮ ਕੋਰਟ ਵੱਲੋਂ ਰੱਦ



**ਨਵੀਂ ਦਿੱਲੀ, ਲੋਕ ਬਾਣੀ:** ਪੰਜਾਬ ਸਰਕਾਰ ਨੂੰ ਝਟਕਾ ਦਿੰਦਿਆਂ ਸੁਪਰੀਮ ਕੋਰਟ ਨੇ ਸੂਬੇ ਦੇ ਮੈਡੀਕਲ ਕਾਲਜਾਂ ਵਿਚ ਐੱਮਬੀਬੀਐੱਸ ਅਤੇ ਬੀਡੀਐੱਸ ਕੋਰਸਾਂ 'ਚ ਦਾਖ਼ਲਿਆਂ ਲਈ 'ਐੱਨਆਰਆਈ ਕੋਟੇ' ਦੀ ਪ੍ਰੀਭਾਸ਼ਾ ਬਦਲਣ ਦੀ ਕਾਰਵਾਈ ਨੂੰ ਰੱਦ ਕਰਨ ਦੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫ਼ੈਸਲੇ ਖ਼ਿਲਾਫ਼ ਪੰਜਾਬ ਸਰਕਾਰ ਵੱਲੋਂ ਦਾਇਰ ਪਟੀਸ਼ਨ ਨੂੰ ਮੰਗਲਵਾਰ ਨੂੰ ਖ਼ਾਰਜ ਕਰ ਦਿੱਤਾ ਹੈ। ਸਿਖਰਲੀ ਅਦਾਲਤ ਨੇ ਇਸ ਕਾਰਵਾਈ ਨੂੰ 'ਪੂਰੀ ਤਰ੍ਹਾਂ ਧੋਖਾਧੜੀ' ਅਤੇ 'ਪੈਸੇ ਕਮਾਉਣ ਦਾ ਜ਼ਰੀਆ' ਕਰਾਰ ਦਿੱਤਾ ਹੈ।

## ਪਰਾਲੀ ਦੇ ਨਿਪਟਾਰੇ ਦਾ ਹੱਲ ਸੁਝਾਉਣ ਲਈ ਲਾਇਆ ਕੈਂਪ



**ਬਠਿੰਡਾ, ਲੋਕ ਬਾਣੀ** --ਜ਼ਿਲ੍ਹਾ ਖੇਤੀਬਾੜੀ ਦਫ਼ਤਰ ਬਠਿੰਡਾ ਵੱਲੋਂ ਸਰਕਾਰੀ ਹਾਈ ਸਕੂਲ ਸਰਦਾਰਗੜ੍ਹ ਅਤੇ ਪਿੰਡ ਦੇ ਸਹਿਯੋਗ ਨਾਲ ਸਕੂਲ ਵਿੱਚ ਪਰਾਲੀ ਦੇ ਯੋਗ ਨਿਪਟਾਰੇ ਸਬੰਧੀ ਇੱਕ ਕੈਂਪ ਲਾਇਆ। ਕੈਂਪ ਦੇ ਮੁੱਖ ਮਹਿਮਾਨ ਨਾਇਬ ਤਹਿਸੀਲਦਾਰ ਵਿਪਨ ਅਰੋੜਾ ਸਨ। ਖੇਤੀਬਾੜੀ ਵਿਸ਼ਾ ਮਾਹਿਰਾਂ ਵੱਲੋਂ ਕਿਸਾਨਾਂ ਅਤੇ ਸਕੂਲੀ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ, ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਪ੍ਰੇਰਿਤ ਕੀਤਾ ਗਿਆ। ਸਕੂਲੀ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ, ਲੇਖ ਰਚਨਾ ਆਦਿ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਪੰਜਾਬ ਵਿਧਾਨ ਸਭਾ ਦੀ ਕਾਰਵਾਈ ਨੂੰ ਬੋਲਣ ਤੇ ਸੁਣਨ ਤੋਂ ਅਸਮਰਥ ਲੋਕਾਂ ਤੱਕ ਪਹੁੰਚਾਉਣ ਲਈ ਵਿਧਾਨ ਸਭਾ ਚ ਵੀ ਲਾਗੂ ਕਰਾਵਾਂਗੇ ਸੰਕੇਤਿਕ ਭਾਸ਼ਾ-ਡਾ. ਬਲਜੀਤ ਕੌਰ

ਚੰਡੀਗੜ੍ਹ/ਪਟਿਆਲਾ, (ਲੋਕ ਬਾਣੀ)ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਹੈ ਕਿ ਬੋਲਣ ਤੇ ਸੁਨਣ ਤੋਂ ਅਸਮਰੱਥ ਲੋਕ ਵੀ ਸਾਡੇ ਸਮਾਜ ਦਾ ਇੱਕ ਅਹਿਮ ਹਿੱਸਾ ਹਨ, ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਸੰਕੇਤਿਕ ਭਾਸ਼ਾ ਨੂੰ ਵੀ ਪੂਰੀ ਤਰਜੀਹ ਦੇ ਰਹੀ ਹੈ। ਉਹ ਪਟਿਆਲਾ ਵਿਖੇ ਅੰਤਰਰਾਸ਼ਟਰੀ ਸੰਕੇਤਿਕ ਭਾਸ਼ਾ ਦਿਵਸ ਦੇ ਰਾਜ ਪੱਧਰੀ ਸਮਾਗਮ ਵਿੱਚ ਸ਼ਿਰਕਤ ਕਰਨ ਪੁੱਜੇ ਹੋਏ ਸਨ।



ਇਸ ਮੌਕੇ ਡਾ. ਬਲਜੀਤ ਕੌਰ ਨੇ ਦੱਸਿਆ ਕਿ ਜਲਦੀ ਹੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਦੀ ਸਲਾਹ ਨਾਲ ਸਦਨ ਦੀ ਕਾਰਵਾਈ ਨੂੰ ਬੋਲਣ ਤੇ ਸੁਣਨ ਤੋਂ ਅਸਮਰੱਥ ਲੋਕਾਂ ਤੱਕ ਵੀ ਪਹੁੰਚਾਉਣ ਲਈ ਵਿਧਾਨ ਸਭਾ ਵਿੱਚ ਵੀ ਸੰਕੇਤਿਕ ਭਾਸ਼ਾ ਨੂੰ ਲਾਗੂ ਕੀਤਾ ਜਾਵੇਗਾ। ਇਸ ਤੋਂ ਬਿਨ੍ਹਾਂ ਅਜਿਹੇ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਪੰਜਾਬ ਪੁਲਿਸ ਨੂੰ ਵੀ ਸੰਕੇਤਿਕ ਭਾਸ਼ਾ ਦੀ ਸਿਖਲਾਈ ਕਰਵਾਈ ਜਾਵੇਗੀ।

ਡਾ. ਬਲਜੀਤ ਕੌਰ ਨੇ ਕਿਹਾ ਕਿ ਕੁਦਰਤੀ ਅਸੂਲ ਮੁਤਾਬਕ ਹਰ ਇਨਸਾਨ ਚ ਕੋਈ ਨਾ ਕੋਈ ਅਪੰਗਤਾ ਹੈ ਤੇ ਇਹ ਕਿਸੇ ਇੱਕ ਵਰਗ ਤੱਕ ਸੀਮਤ ਨਹੀਂ ਹੈ, ਇਸ ਲਈ ਕਿਸੇ ਇੱਕ ਪੱਖੋਂ ਪੱਛੜੇ ਲੋਕਾਂ ਨੂੰ ਹੌਸਲਾ ਦੇ ਕੇ ਅੱਗੇ ਵਧਾਉਣਾ ਸਾਡਾ ਸਭ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਜੋ ਖਾਮੋਸ਼ ਹਨ, ਉਨ੍ਹਾਂ ਅੰਦਰ ਵੀ ਇੱਕ ਵੱਡਾ ਤੂਫ਼ਾਨ ਹੁੰਦਾ ਹੈ ਤੇ ਉਨ੍ਹਾਂ ਦੀ ਛੁਪੀ ਪ੍ਰਤਿਭਾ ਨੂੰ ਪਛਾਣ ਕੇ ਅੱਗੇ ਲਿਆਂਦਾ ਜਾਵੇਗਾ ਤੇ ਪੰਜਾਬ ਸਰਕਾਰ ਇਸ ਪਾਸੇ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਰੀਰਕ ਪੱਖੋਂ ਕਿਸੇ ਅੰਗ ਤੋਂ ਵਾਂਝੇ ਹੋਣ ਨਾਲ ਕੋਈ ਵਿਅਕਤੀ ਅਧੂਰਾ ਨਹੀਂ ਹੁੰਦਾ ਸਗੋਂ ਮਾਨਸਿਕ ਤੌਰ ਤੇ ਅਧੂਰੇ ਹੋਣਾ ਵੱਡੀ ਘਾਟ ਹੈ।

ਸਮਾਜਿਕ ਸੁਰੱਖਿਆ ਮੰਤਰੀ ਨੇ ਕਿਹਾ ਕਿ ਇੱਕ ਦੂਜੇ ਨੂੰ ਸਮਝਣ ਲਈ ਭਾਸ਼ਾ ਇੱਕ ਮਾਧਿਅਮ ਹੈ ਪਰੰਤੂ ਪਿਆਰ, ਮੁਹੱਬਤ, ਸਦਭਾਵਨਾ ਤੇ ਰਹਿਮ ਦਿਲ ਹੋਣਾ ਸਭ ਤੋਂ ਵੱਡੀ ਭਾਸ਼ਾ ਹੈ। ਉਨ੍ਹਾਂ ਕਿਹਾ ਕਿ ਹਾਸ਼ੀਏ ਵੱਲ ਧੱਕੇ ਗਏ ਲੋਕ ਉਦੋਂ ਹੀ ਪੈਦਾ ਹੁੰਦੇ ਹਨ, ਜਦੋਂ ਉਨ੍ਹਾਂ ਦੀ ਗੱਲ ਨਹੀਂ ਸੁਣੀ ਜਾਂਦੀ, ਇਸ ਲਈ ਅਜਿਹੇ ਦੱਬੇ-ਕੁਚਲੇ ਲੋਕਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਪੰਜਾਬ ਸਰਕਾਰ ਅਹਿਮ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬੋਲਣ ਤੇ ਸੁਣਨ ਤੋਂ ਅਸਮਰੱਥ ਲੋਕ ਤੇ ਖਾਸ ਕਰਕੇ ਅਜਿਹੇ ਬੱਚੇ ਇਸ ਨੂੰ ਆਪਣੀ ਤਰੱਕੀ ਦੀ ਰਾਹ ਵਿੱਚ ਰੁਕਾਵਟ ਨਾ ਸਮਝਣ ਸਗੋਂ ਉਨ੍ਹਾਂ ਲਈ ਸੰਕੇਤਿਕ ਭਾਸ਼ਾ ਨਵੇਂ ਦਰਵਾਜੇ ਖੋਲ੍ਹੇਗੀ ਤੇ ਉਹ ਜੋ ਚਾਹੁਣ ਉਹ ਕਰ ਸਕਦੇ ਹਨ।

ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਪੇਸ਼ਕਾਰੀਆਂ ਦੀ ਪ੍ਰਸ਼ੰਸਾ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਸਰੀਰਕ ਪੱਖੋਂ ਚੁਣੌਤੀ ਭਰਪੂਰ ਬੱਚਿਆਂ ਨੂੰ ਅੱਗੇ ਵਧਣ ਲਈ ਸਾਜ਼ਗਾਰ ਮਾਹੌਲ ਪ੍ਰਦਾਨ ਕਰਕੇ ਪਟਿਆਲਾ ਜ਼ਿਲ੍ਹੇ ਨੇ ਪੰਜਾਬ ਦੇ ਬਾਕੀ ਜ਼ਿਲ੍ਹਿਆਂ ਲਈ ਚਾਨਣ ਮੁਨਾਰੇ ਦਾ ਕੰਮ ਕੀਤਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕੈਬਨਿਟ ਮੰਤਰੀ ਦਾ ਸਵਾਗਤ ਕੀਤਾ ਅਤੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੋਲਣ ਤੇ ਸੁਣਨ ਤੋਂ ਅਸਮਰਥ ਲੋਕਾਂ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਨੋਇਡਾ ਡੈਫ਼ ਸੁਸਾਇਟੀ ਦੀ ਰਵਿੰਦਰ ਕੌਰ ਨੇ ਅੰਤਰਰਾਸ਼ਟਰੀ ਸੰਕੇਤਿਕ ਭਾਸ਼ਾ ਦੇ ਪਿਛੋਕੜ ਬਾਰੇ ਦੱਸਦਿਆਂ ਪੰਜਾਬ ਸਰਕਾਰ ਵੱਲੋਂ ਇਸ ਕੌਮਾਂਤਰੀ ਦਿਵਸ ਮੌਕੇ ਪਟਿਆਲਾ ਵਿਖੇ ਰਾਜ ਪੱਧਰੀ ਸਮਾਗਮ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

ਸਮਾਗਮ ਮੌਕੇ ਪਟਿਆਲਾ ਸਕੂਲ ਫਾਰ ਦੀ ਡੈੱਫ਼, ਵਾਣੀ ਇੰਟੇਗ੍ਰੇਟਿਡ ਸਕੂਲ ਫਾਰ ਹੀਅਰਿੰਗ ਇੰਪੇਅਰਡ, ਨੋਇਡਾ ਡੈਫ ਸੁਸਾਇਟੀ ਤੇ ਸਪੀਕਿੰਗ ਹੈਂਡਸ ਸੁਸਾਇਟੀ ਰਾਜਪੁਰਾ ਦੇ ਵਿਦਿਆਰਥੀਆਂ ਨੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ।

ਇਸ ਮੌਕੇ ਇੰਪਰੂਵਮੈਂਟ ਟਰਸਟ ਦੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ, ਐਸ.ਐਸ.ਪੀ. ਡਾ. ਨਾਨਕ ਸਿੰਘ, ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਐਸ.ਡੀ.ਐਮ. ਅਰਵਿੰਦ ਕੁਮਾਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜੋਬਨਦੀਪ ਕੌਰ ਚੀਮਾ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਢਿੱਲੋਂ, ਸੁਸਾਇਟੀ ਫਾਰ ਵੈਲਫੇਅਰ ਆਫ਼ ਹੈਂਡੀਕੈਪਡ ਦੇ ਸਕੱਤਰ ਕਰਨਲ ਕਰਮਿੰਦਰ ਸਿੰਘ, ਪਟਿਆਲਾ ਐਸੋਸੀਏਸ਼ਨ ਆਫ਼ ਡੈਫ ਦੇ ਜਗਦੀਪ ਸਿੰਘ ਤੋਂ ਇਲਾਵਾ ਪੰਜਾਬ ਭਰ ਤੋਂ ਆਏ ਬੋਲਣ ਤੇ ਸੁਣਨ ਤੋਂ ਅਸਮਰਥ ਲੋਕਾਂ ਨੇ ਵੀ ਵੱਡੀ ਗਿਣਤੀ ਚ ਸ਼ਿਰਕਤ ਕੀਤੀ।

# ਵਿਜੀਲੈਂਸ ਬਿਊਰੋ ਨੇ 5,000 ਰੁਪਏ ਰਿਸ਼ਵਤ ਲੈਂਦੇ ਸਹਾਇਕ ਸਬ-ਇੰਸਪੈਕਟਰ ਨੂੰ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚਲਾਈ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਮੰਗਲਵਾਰ ਨੂੰ ਜ਼ਿਲ੍ਹਾ ਤਰਨਤਾਰਨ ਪੁਲੀਸ ਦੇ ਹੈਲਪਲਾਈਨ ਨੰਬਰ 112 ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਰਾਜ ਕੁਮਾਰ ਨੂੰ 5,000 ਰੁਪਏ ਰਿਸ਼ਵਤ ਦੀ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ।



ਵਿਜੀਲੈਂਸ ਬਿਊਰੋ ਦੇ ਬੁਲਾਰੇ ਅਨੁਸਾਰ ਇਹ ਗ੍ਰਿਫ਼ਤਾਰੀ ਤਰਨਤਾਰਨ ਜ਼ਿਲ੍ਹੇ ਦੇ ਮੁਰਾਦਪੁਰ ਦੇ ਵਸਨੀਕ ਰਾਜ ਕਰਨ ਦੀ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਏਐਸਆਈ ਨੇ ਉਸਦਾ ਮੋਬਾਈਲ ਫੋਨ ਵਾਪਸ ਕਰਨ ਅਤੇ ਸ਼ਿਕਾਇਤਕਰਤਾ ਦੇ ਨਜ਼ਦੀਕੀ ਸਾਥੀ ਨੂੰ ਫਰਜ਼ੀ ਐਨਡੀਪੀਐਸ ਕੇਸ ਤੋਂ ਬਚਾਉਣ ਦੇ ਬਦਲੇ 30,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।

ਉਨ੍ਹਾਂ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ।

ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਉਕਤ ਪੁਲਿਸ ਮੁਲਾਜ਼ਮ ਹਨੀ ਟਰੈਪ ਨੈਟਵਰਕ ਦਾ ਹਿੱਸਾ ਸੀ, ਜਿਸ ਵਿਚ ਔਰਤਾਂ ਸਮੇਤ ਹੋਰ ਪੁਲਿਸ ਅਧਿਕਾਰੀ ਅਤੇ ਨਿੱਜੀ ਵਿਅਕਤੀ ਸ਼ਾਮਲ ਸਨ। ਇਹ ਦੋਸ਼ੀ ਆਪਣੀਆਂ ਸਾਥੀ ਔਰਤਾਂ ਦੀ ਮਿਲੀਭੁਗਤ ਰਾਹੀਂ ਅਣਪਛਾਤੇ ਵਿਅਕਤੀਆਂ ਨੂੰ ਬਹਿਲਾ-ਫੁਸਲਾ ਕੇ ਹੋਟਲਾਂ ਵਿਚ ਲਿਜਾਣ ਲਈ ਮਜਬੂਰ ਕਰਦਾ ਸੀ ਅਤੇ ਬਾਅਦ ਵਿੱਚ ਖੁਦ ਹੀ ਆਪਣੇ ਹੋਰ ਪੁਲੀਸ ਮੁਲਾਜ਼ਮਾਂ ਨਾਲ ਮੌਕੇ 'ਤੇ ਪਹੁੰਚਕੇ ਪੀੜਤਾਂ ਨੂੰ ਬਲੈਕਮੇਲ ਕਰਕੇ ਮੋਟੀਆਂ ਰਕਮਾਂ ਵਸੂਲਦਾ ਸੀ।

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਰੇਂਜ ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ।

ਜ ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ

# ਪੰਜਾਬ ਦੇ ਪੰਜ ਨਵੇਂ ਮੰਤਰੀਆਂ ਨੇ ਲਿਆ ਹਲਫ਼, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤੇ ਸੀਐਮ ਮਾਨ ਵੀ ਮੌਜੂਦ



ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਦੇ ਪੰਜ ਨਵੇਂ ਕੈਬਨਿਟ ਮੰਤਰੀਆਂ ਨੂੰ ਅੱਜ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ। ਇੱਥੇ ਰਾਜ ਭਵਨ ਵਿਖੇ ਸਾਦਾ ਸਹੁੰ ਚੁੱਕ ਸਮਾਗਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕਈ ਹੋਰ ਪਤਵੰਤਿਆਂ ਦੀ ਹਾਜ਼ਰੀ ਵਿੱਚ ਹੋਇਆ। ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸਹੁੰ ਚੁੱਕ ਸਮਾਗਮ ਦੀ ਕਾਰਵਾਈ ਚਲਾਈ।

ਅੱਜ ਸਹੁੰ ਚੁੱਕਣ ਵਾਲੇ ਨਵੇਂ ਮੰਤਰੀਆਂ ਵਿੱਚ ਹਰਦੀਪ ਸਿੰਘ ਮੁੰਡੀਆਂ (ਵਿਧਾਇਕ ਸਾਹਨੇਵਾਲ), ਬਰਿੰਦਰ ਕੁਮਾਰ ਗੋਇਲ (ਵਿਧਾਇਕ ਲਹਿਰਾ), ਤਰੁਨਪ੍ਰੀਤ ਸਿੰਘ ਸੌਂਦ (ਵਿਧਾਇਕ ਖੰਨਾ), ਡਾ. ਰਵਜੋਤ ਸਿੰਘ (ਵਿਧਾਇਕ ਸ਼ਾਮਚੁਰਾਸੀ) ਅਤੇ ਮਹਿੰਦਰ ਭਗਤ (ਵਿਧਾਇਕ ਜਲੰਧਰ ਪੱਛਮੀ) ਸ਼ਾਮਲ ਹਨ।

ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਅਮਨ ਅਰੋੜਾ, ਡਾ. ਬਲਜੀਤ ਕੌਰ, ਡਾ. ਬਲਬੀਰ ਸਿੰਘ, ਲਾਲ ਚੰਦ ਕਟਾਰੂਚੱਕ, ਹਰਭਜਨ ਸਿੰਘ ਈ.ਟੀ.ਓ ਅਤੇ ਕੁਲਦੀਪ ਸਿੰਘ ਧਾਲੀਵਾਲ ਸ਼ਾਮਲ ਸਨ।

ਇਸ ਮੌਕੇ ਕਈ ਵਿਧਾਇਕ, ਪਾਰਟੀ ਆਗੂ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਅਤੇ ਨਵੇਂ ਬਣੇ ਮੰਤਰੀਆਂ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਹੋਏ।

# ਸ਼ਹੀਦ ਸੁਖਵਿੰਦਰ ਸਿੰਘ ਸਕੂਲ ਆਫ ਐਮੀਨੈਂਸ ਮੱਲਾਂਵਾਲਾ ਖਾਸ ਵਿਖੇ ਮਨਾਇਆ ਗਿਆ ਕੌਮੀ ਸੇਵਾ ਯੋਜਨਾ ਦਿਵਸ

ਫਿਰੋਜ਼ਪੁਰ(ਲੋਕ ਬਾਣੀ) ਸ਼ਹੀਦ ਸੁਖਵਿੰਦਰ ਸਿੰਘ ਸਕੂਲ ਆਫ ਐਮੀਨੈਂਸ ਮੱਲਾਂਵਾਲਾ ਖਾਸ ਵੱਲੋਂ 24 ਸਤੰਬਰ ਨੂੰ ਕੌਮੀ ਸੇਵਾ ਯੋਜਨਾ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ , ਜਿਸ ਵਿੱਚ ਵਿਦਿਆਰਥੀਆਂ ਨੂੰ ਸਮਾਜਿਕ ਮੁੱਦਿਆਂ ਅਤੇ ਸਮਾਜ ਸੇਵਾ ਦੀ ਭਾਵਨਾ ਤੇ ਰਚਨਾਤਮਕ ਢੰਗ ਨਾਲ ਆਪਣੇ ਵਿਚਾਰ ਪ੍ਰਗਟ ਕਰਨ ਵਿੱਚ ਸ਼ਾਮਲ ਕੀਤਾ ਗਿਆ। ਗਤੀਵਿਧੀਆਂ ਦਾ ਉਦੇਸ਼ ਸਮਾਜਿਕ ਜ਼ਿੰਮੇਵਾਰੀ ਅਤੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਸਕੂਲ ਦੇ ਪ੍ਰਿੰਸੀਪਲ ਸੰਜੀਵ ਟੰਡਨ ਨੇ ਭਾਗੀਦਾਰਾਂ ਦੀ ਉਹਨਾਂ ਦੀ ਰਚਨਾਤਮਕਤਾ ਅਤੇ ਸਮਰਪਣ ਲਈ ਸ਼ਲਾਘਾ ਕੀਤੀ, ਜ਼ਿੰਮੇਵਾਰ ਨਾਗਰਿਕਾਂ ਨੂੰ ਰੂਪ ਦੇਣ ਵਿੱਚ ਰਾਸ਼ਟਰੀ ਸੇਵਾ ਯੋਜਨਾ ਦੀ ਭੂਮਿਕਾ ਨੂੰ ਉਜਾਗਰ ਕੀਤਾ। ਮੁਕਾਬਲਿਆਂ ਦੇ ਜੇਤੂਆਂ ਨੂੰ ਸਮਾਜ ਭਲਾਈ ਦੇ ਕੰਮਾਂ ਵਿੱਚ ਨਿਰੰਤਰ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਲਈ ਸਰਟੀਫਿਕੇਟ ਦਿੱਤੇ ਗਏ।

ਪ੍ਰੋਗਰਾਮ ਅਫ਼ਸਰ ਦੀਪਕ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ



ਕਿ ਮਹਾਤਮਾ ਗਾਂਧੀ ਦੀ ਜਨਮ ਸ਼ਤਾਬਦੀ ਦੀ ਯਾਦ ਵਿੱਚ 24 ਸਤੰਬਰ 1969 ਨੂੰ ਰਾਸ਼ਟਰੀ ਸੇਵਾ ਯੋਜਨਾ (ਐਨ.ਐੱਸ.ਐੱਸ.) ਦੀ ਸ਼ੁਰੂਆਤ ਕੀਤੀ ਗਈ ਸੀ। ਰਾਸ਼ਟਰ ਨਿਰਮਾਣ ਦੇ ਉਦੇਸ਼ ਨਾਲ ਵਿਦਿਆਰਥੀਆਂ ਨੂੰ ਕਮਿਊਨਿਟੀ ਸੇਵਾ ਵਿੱਚ ਸ਼ਾਮਲ ਕਰਨ ਲਈ ਕੋਠਾਰੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ ਇਹ ਸ਼ੁਰੂ ਕੀਤਾ ਗਿਆ ਸੀ। ©♥♥ 37 ਯੂਨੀਵਰਸਿਟੀਆਂ ਨਾਲ ਸ਼ੁਰੂ ਹੋਇਆ ਅਤੇ ਦੇਸ਼ ਭਰ ਵਿੱਚ ਫੈਲਿਆ। ਮੁੱਖ ਉਦੇਸ਼ ਸਵੈ-ਇੱਛਤ ਭਾਈਚਾਰਕ ਸੇਵਾ ਦੁਆਰਾ ਵਿਦਿਆਰਥੀਆਂ ਦੀ ਸ਼ਖ਼ਸੀਅਤ ਦਾ ਵਿਕਾਸ ਕਰਨਾ ਹੈ। ਇਸਦੇ ਉਦੇਸ਼ਾਂ ਵਿੱਚ ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਨਾ, ਸਮਾਜਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨਾ, ਕਮਿਊਨਿਟੀ ਸੇਵਾ ਪ੍ਰਦਾਨ ਕਰਨਾ, ਅਤੇ ਲੀਡਰਸ਼ਿਪ ਦੇ ਗੁਣਾਂ ਦਾ ਵਿਕਾਸ ਕਰਨਾ ਸ਼ਾਮਲ ਹੈ। ਕੌਮੀ ਸੇਵਾ ਯੋਜਨਾ ਏਕਤਾ ਅਤੇ ਸਮਾਜਿਕ ਸਦਭਾਵਨਾ ਨੂੰ ਉਤਸ਼ਾਹਿਤ ਕਰਦੇ ਹੋਏ, ਵਿੱਦਿਅਕ ਅਤੇ ਅਸਲ-ਜੀਵਨ ਦੇ ਮੁੱਦਿਆਂ ਵਿਚਕਾਰ ਪਾੜੇ ਨੂੰ ਪੂਰਾ ਕਰਨ ਤੇ ਵੀ ਧਿਆਨ ਕੇਂਦਰਤ ਕਰਦਾ ਹੈ। ਇਸ ਮੌਕੇ ਸਰਦਾਰ ਨਿਰਵੈਰ ਸਿੰਘ, ਮੈਡਮ ਸੋਨੀਆਂ, ਮੈਡਮ ਰਮਨਜੋਤ ਕੌਰ, ਮੈਡਮ ਅੰਜੂ ਬਾਲਾ, ਮੈਡਮ ਬਿੰਦੀਆ, ਅਤੇ ਹਰਵਿੰਦਰ ਸਿੰਘ ਦੁਆਰਾ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਰੋਜ਼ਾਨਾ ਲੋਕ ਬਾਣੀ www.lokbani

# ਐੱਸ.ਡੀ.ਐੱਮ ਮਾਲੇਰਕੋਟਲਾ ਸ੍ਰੀਮਤੀ ਅਪਰਨਾ ਐਮ.ਬੀ ਨੂੰ ਟਰਾਂਸਫਰ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਦਿੱਤੀਆਂ ਗਈਆਂ ਸ਼ੁਭਕਾਮਨਾਵਾਂ



ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼ ) ਐਸ.ਡੀ.ਐਮ ਅਹਿਮਦਗੜ੍ਹ ਵਜੋਂ ਸੇਵਾ ਨਿਭਾ ਰਹੇ ਸ੍ਰੀ ਗੁਰਮੀਤ ਕੁਮਾਰ ਬਾਂਸਲ ਨੇ ਬਤੌਰ ਰਿਜਨਲ ਟਰਾਂਸਪੋਰਟ ਅਫ਼ਸਰ(ਆਰ.ਟੀ.ਓ.) ਮਾਲੇਰਕੋਟਲਾ ਦਾ ਚਾਰਜ ਸੰਭਾਲ ਲਿਆ ਹੈ। ਜਿਕਰਯੋਗ ਹੈ ਕਿ ਉਹ ਆਰ.ਟੀ.ਓ ਦੇ ਨਾਲ ਨਾਲ ਸਹਾਇਕ ਕਮਿਸ਼ਨਰ ਮਾਲੇਰਕੋਟਲਾ ਦਾ ਵਾਧੂ ਚਾਰਜ ਵੀ ਸੰਭਾਲਣਗੇ। ਉਨ੍ਹਾਂ ਨੇ ਕਿਹਾ ਕਿ ਅਚਨਚੇਤ ਚੈਕਿੰਗਾਂ ਕੀਤੀਆਂ ਜਾਣਗੀਆਂ ਤਾਂ ਜੋ ਸ਼ਹਿਰ ਨੂੰ ਦੁਰਘਟਨਾਵਾਂ ਤੋਂ ਸੁਰੱਖਿਅਤ ਰੱਖਿਆ ਜਾ ਸਕੇ ।

ਸ੍ਰੀ ਹਰਬੰਸ ਸਿੰਘ ਜੋ ਕਿ ਸਹਾਇਕ ਕਮਿਸ਼ਨਰ ਮਾਲੇਰਕੋਟਲਾ ਦੇ ਅਹੁਦੇ ਤੇ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ, ਹੁਣ ਬਤੌਰ ਐੱਸ. ਡੀ.ਐੱਮ ਮਾਲੇਰਕੋਟਲਾ ਦੇ ਨਾਲ ਹੀ ਐੱਸ.ਡੀ.ਐੱਮ ਅਹਿਮਦਗੜ੍ਹ ਦਾ ਵਾਧੂ ਚਾਰਜ ਵੀ ਸੰਭਾਲਣਗੇ।


ਆਈ.ਏ.ਐੱਸ ਸ੍ਰੀਮਤੀ ਅਪਰਨਾ ਜੋ ਕੇ ਐੱਸ. ਡੀ.ਐੱਮ ਮਾਲੇਰਕੋਟਲਾ ਦੇ ਅਹੁਦੇ ਤੇ ਸੇਵਾਵਾਂ ਨਿਭਾ ਰਹੇ ਸਨ, ਉਹਨਾਂ ਦਾ ਤਬਾਦਲਾ ਸੁਲਤਾਨਪੁਰ ਲੋਧੀ ਵਿਖੇ ਬਤੌਰ ਐੱਸ. ਡੀ.ਐੱਮ ਕਰ ਦਿੱਤਾ ਗਿਆ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਡਾ. ਪੱਲਵੀ ਨੇ ਸ੍ਰੀਮਤੀ ਅਪਰਨਾ ਨੂੰ ਉਹਨਾਂ ਵੱਲੋਂ ਕੀਤੇ ਗਏ ਕਾਰਜਾਂ ਦੀ ਸਲਾਘਾ ਕੀਤੀ ਅਤੇ ਇਸੇ ਤਰਾਂ ਤਨਦੇਹੀ ਨਾਲ ਆਪਣੇ ਫਰਜ ਨੂੰ ਨਿਭਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ ।

ਰੋਜ਼ਾਨਾ ਲੋਕ ਬਾਣੀ www.lokbani

# ਪੰਜਾਬ ਸਰਕਾਰ ਨੂੰ ਸੁਪਰੀਮ ਕੋਰਟ ਤੋਂ ਲੱਗਿਆ ਝਟਕਾ, MBBS ’ਚ NRI ਕੋਟੇ ਰਾਹੀਂ ਦਾਖ਼ਲੇ ਦੀ ਪਟੀਸ਼ਨ ਖਾਰਜ

ਨਵੀਂ ਦਿੱਲੀ-(ਲੋਕ ਬਾਣੀ) ਐਮਬੀਬੀਐਸ ਵਿੱਚ ਐਨਆਰਆਈ ਕੋਟੇ ਤਹਿਤ ਦਾਖ਼ਲਿਆਂ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਨੂੰ ਸੁਪਰੀਮ ਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਦੀ ਪਟੀਸ਼ਨ ਤੇ ਸੁਣਵਾਈ ਕਰਨ ਤੋਂ ਇਨਕਾਰ ਕਰਦਿਆਂ ਰੱਦ ਕਰ ਦਿੱਤਾ ਹੈ। ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਨੂੰ ਜਾਰੀ ਰੱਖਿਆ ਹੈ। ਜਿਸ ਵਿੱਚ ਰਿਸ਼ਤੇਦਾਰਾਂ ਨੂੰ ਐਨ.ਆਰ.ਆਈ ਕੋਟੇ ਰਾਹੀਂ ਦਾਖ਼ਲੇ ਵਿੱਚ ਸ਼ਾਮਲ ਕਰਨ ਤੋਂ ਸਖ਼ਤੀ ਨਾਲ ਇਨਕਾਰ ਕੀਤਾ ਗਿਆ। ਸੁਪਰੀਮ ਕੋਰਟ ਨੇ ਇਸ ਨੂੰ ਪੈਸੇ ਦੀ ਲੁੱਟ ਦਾ ਤਰੀਕਾ ਵੀ ਕਿਹਾ ਹੈ।

ਸੁਪਰੀਮ ਕੋਰਟ ਵਿੱਚ ਪੰਜਾਬ ਸਰਕਾਰ ਦੇ ਵਕੀਲ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਐਨਆਰਆਈ ਕੋਟੇ ਵਿੱਚ ਦਾਖਲੇ ਲਈ ਇੱਕ ਵਿਆਪਕ ਪਰਿਭਾਸ਼ਾ ਦੀ ਪਾਲਣਾ ਕਰ ਰਹੇ ਹਨ। ਚੀਫ਼ ਜਸਟਿਸ ਡੀਵਾਈ ਚੰਦਰਚੂੜ ਨੇ ਕਿਹਾ ਕਿ ਤੁਸੀਂ ਕਹਿ ਰਹੇ ਹੋ ਕਿ ਐਨਆਰਆਈ ਦੇ ਅਗਲੇ ਰਿਸ਼ਤੇਦਾਰਾਂ ਬਾਰੇ ਵੀ ਵਿਚਾਰ ਕੀਤਾ ਜਾਵੇਗਾ। ਇਹ ਕੀ ਹੈ? ਇਹ ਰਾਜ ਦੁਆਰਾ ਪੈਸਾ ਕਮਾਉਣ ਦੀ ਸਿਰਫ ਇੱਕ ਚਾਲ ਹੈ।ਬੈਂਚ ਵਿੱਚ ਹਾਈ ਕੋਰਟ ਦੇ ਹੁਕਮਾਂ ਦਾ ਸਮਰਥਨ ਕਰਨ ਵਾਲੇ ਜਸਟਿਸ ਜੇਬੀ ਪਾਰਦੀਵਾਲਾ ਵੀ ਸ਼ਾਮਲ ਸਨ। ਚੀਫ਼ ਜਸਟਿਸ ਨੇ ਕਿਹਾ, ਸਾਨੂੰ ਇਸ ਐਨਆਰਆਈ ਕੋਟੇ ਦੇ ਕਾਰੋਬਾਰ



ਨੂੰ ਹੁਣ ਬੰਦ ਕਰਨਾ ਚਾਹੀਦਾ ਹੈ। ਇਹ ਪੂਰੀ ਤਰ੍ਹਾਂ ਧੋਖਾਧੜੀ ਹੈ, ਜੋ ਅਸੀਂ ਆਪਣੀ ਸਿੱਖਿਆ ਪ੍ਰਣਾਲੀ ਨਾਲ ਕਰ ਰਹੇ ਹਾਂ।

# ਵਿਜੀਲੈਂਸ ਬਿਊਰੋ ਨੇ ਵੱਡਾ ਥਾਣੇਦਾਰ 20 ਹਜ਼ਾਰ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕੀਤਾ ਕਾਬੂ

ਪਟਿਆਲਾ, (ਲੋਕ ਬਾਣੀ) : ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿਮ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਥਾਣਾ ਪਾਤੜਾਂ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ. ਐਸ.ਆਈ.) ਅਮਰੀਕ ਸਿੰਘ ਨੂੰ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।




ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਅਸ਼ੋਕ ਕੁਮਾਰ ਵਾਸੀ ਪਾਤੜਾਂ ਕਸਬਾ, ਜ਼ਿਲ੍ਹਾ ਪਟਿਆਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਸਦੇ ਅਤੇ ਉਸਦੇ ਸਾਥੀਆਂ ਖਿਲਾਫ ਥਾਣਾ ਪਾਤੜਾਂ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ ਅਤੇ ਉਕਤ ਪੁਲਿਸ ਅਧਿਕਾਰੀ ਅਦਾਲਤ ਵਿੱਚ ਇਸ ਕੇਸ ਨਾਲ ਸਬੰਧਤ ਅਖ਼ਰਾਜ ਰਿਪੋਰਟ ਦਾਖ਼ਲ ਕਰਨ ਲਈ 20,000 ਦੀ ਰਿਸ਼ਵਤ ਦੀ ਮੰਗ ਕਰ ਰਿਹਾ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਏ.ਐਸ.ਆਈ. ਅਮਰੀਕ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ । ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

# ਪਿੰਡ ਧਨੌਨੀ ਦੀ ਦਾਣਾ ਮੰਡੀ ਦੇ ਗੇਟ ਨੂੰ ਲੱਗਾ ਤਾਲਾ, ਆਪਣੀ ਫ਼ਸਲ ਲੈ ਕੇ ਪਹੁੰਚੇ ਕਿਸਾਨ ਹੋਏ ਪ੍ਰੇਸ਼ਾਨ

ਡੇਰਾਬੱਸੀ, (ਲੋਕ ਬਾਣੀ) ਡੇਰਾਬੱਸੀ ਨਗਰ ਕੌਂਸਲ ਅਧੀਨ ਪੈਂਦੇ ਪਿੰਡ ਧਨੌਨੀ ਦੀ ਅਨਾਜ ਮੰਡੀ ਵਿੱਚ ਅੱਜ ਉਸ ਸਮੇਂ ਹੰਗਾਮਾ ਹੋ ਗਿਆ ਜਦੋਂ ਕਿਸਾਨ ਆਪਣੀ ਫਸਲ ਲੈ ਕੇ ਮੰਡੀ ਵਿੱਚ ਪੁੱਜੇ ਤਾਂ ਗੇਟ 'ਤੇ ਲੱਗਿਆ ਤਾਲਾ ਦੇਖਿਆ। ਕਿਸਾਨਾਂ ਦੇ ਵਿਰੋਧ ਤੋਂ ਬਾਅਦ ਤਾਲਾ ਖੋਲ੍ਹਿਆ ਗਿਆ। ਅੱਜ ਦੀ ਇਸ ਘਟਨਾ ਨੂੰ ਲੈ ਕੇ ਕਿਸਾਨਾਂ ਵਿੱਚ ਭਾਰੀ ਰੋਸ ਹੈ।

ਮੰਡੀ ਵਿੱਚ ਆਪਣੀ ਫਸਲ ਲੈ ਕੇ ਆਏ ਕਿਸਾਨ ਰਘੁਬੀਰ ਸਿੰਘ, ਸੰਜੂ, ਜੈ ਸਿੰਘ, ਸੁਰਜੀਤ ਸਿੰਘ ਤੇ ਹੋਰਨਾਂ ਨੇ ਸਰਕਾਰ ਪ੍ਰਤੀ ਰੋਸ਼ ਜ਼ਾਹਰ ਕਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਕਿ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਮੰਡੀਆਂ ’ਚ ਫਸਲ ਦੀ ਖਰੀਦ ਕੀ ਕਰਨੀ ਸੀ, ਉਲਟਾ ਮੰਡੀ ਦੇ ਗੇਟ ਨੂੰ ਤਾਲਾ ਲਗਾ ਕੇ ਪਰੇਸ਼ਾਨ ਕੀਤਾ ਗਿਆ ਹੈ। ਅੱਜ ਸਵੇਰੇ ਇੱਕ ਦਰਜਨ ਦੇ ਕਰੀਬ ਕਿਸਾਨ ਟਰਾਲੀਆਂ ਵਿੱਚ ਝੋਨੇ ਦੀ ਫ਼ਸਲ ਲੈ ਕੇ ਮੰਡੀ ਵਿੱਚ ਆਏ ਸਨ ਪਰ ਉੱਥੇ ਮੌਜੂਦ ਸੁਰੱਖਿਆ ਮੁਲਾਜ਼ਮਾਂ ਨੇ ਇਹ ਕਹਿ ਕੇ ਤਾਲਾ ਖੋਲ੍ਹਣ ਤੋਂ ਇਨਕਾਰ ਕਰ ਦਿੱਤਾ ਕਿ ਪਹਿਲੀ ਅਕਤੂਬਰ ਤੋਂ ਫ਼ਸਲ ਦੀ ਖ਼ਰੀਦ ਸ਼ੁਰੂ ਹੋਣੀ ਹੈ। ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਮੌਕੇ ਤੇ ਮੌਜੂਦ ਮੁਲਾਜ਼ਮਾਂ ਨੂੰ ਬੇਨਤੀ ਕੀਤੀ ਕਿ ਉਸ ਸਮੇਂ ਤੱਕ ਫ਼ਸਲ ਨੂੰ ਸੁਕਾ ਲਿਆ ਜਾਵੇ ਅਤੇ 1 ਅਕਤੂਬਰ ਨੂੰ ਖ਼ਰੀਦ ਕੀਤੀ ਜਾਵੇਗੀ । ਪਰ ਕਿਸੇ ਨੇ ਇੱਕ ਗੱਲ ਨਹੀਂ ਸੁਣੀ। ਕਿਸਾਨਾਂ ਦਾ ਕਹਿਣਾ ਹੈ ਕਿ ਖੇਤਾਂ ਵਿੱਚ ਫ਼ਸਲਾਂ ਤਿਆਰ ਖੜ੍ਹੀਆਂ ਹਨ, ਆਉਣ ਵਾਲੇ ਦਿਨਾਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ, ਜਿਸ ਕਾਰਨ ਇਲਾਕੇ ਦੇ ਕਿਸਾਨ ਪਹਿਲਾਂ ਹੀ ਚਿੰਤਤ ਹਨ। ਇਸ ਸਬੰਧੀ ਜਦੋਂ ਮੰਡੀ ਦੇ ਸੁਪਰਵਾਈਜ਼ਰ ਪੰਕਜ ਸ਼ਰਮਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਕਿਸੇ ਵੀ



ਕਿਸਾਨ ਨੂੰ ਤੰਗ ਪ੍ਰੇਸ਼ਾਨ ਨਹੀਂ ਕੀਤਾ ਗਿਆ ਹੈ। ਸੁਰੱਖਿਆ ਕਾਰਨਾਂ ਕਰਕੇ ਪਹਿਲਾਂ ਮੰਡੀ ਦੇ ਗੇਟ ਨੂੰ ਤਾਲਾ ਲੱਗਿਆ ਹੋਇਆ ਸੀ, ਅੱਜ ਮਾਮਲਾ ਧਿਆਨ ਵਿੱਚ ਆਉਂਦੇ ਹੀ ਤਾਲਾ ਖੋਲ੍ਹ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 1 ਅਕਤੂਬਰ ਤੋਂ ਫਸਲ ਦੀ ਖਰੀਦ ਸ਼ੁਰੂ ਹੋਣੀ ਹੈ, ਜਿਸ ਦੇ ਮੱਦੇਨਜ਼ਰ ਮੰਡੀ ਵਿੱਚ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ।

# ਨਗਰ ਨਿਗਮ ਸਫਾਈ ਕਰਮਚਾਰੀ ਵਲੋਂ ਅਪਣੀਆ ਹੱਕੀ ਮੰਗਾਂ ਸਬੰਧੀ ਪ੍ਰਸ਼ਾਸਨ ਦਾ ਪੁਤਲਾ ਫੂਕਿਆ ਗਿਆ





ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਨਗਰ ਨਿਗਮ ਫਗਵਾੜਾ ਦੇ ਸਫਾਈ ਕਰਮਚਾਰੀਆਂ ਵੱਲੋਂ ਆਪਣੀਆਂ ਕਥਿਤ ਮੰਗਾਂ ਨੂੰ ਲੈ ਕੇ ਨਗਰ ਨਿਗਮ ਦਫਤਰ ਅੱਗੇ ਅੱਜ ਵੱਡੀ ਗਿਣਤੀ ਵਿੱਚ ਧਰਨਾ ਪ੍ਰਦਰਸਨ ਕੀਤਾ ਗਿਆ ਧਰਨੇ ਤੇ ਮੌਜੂਦ ਕੱਚੇ ਮੁਲਾਜਮਾਂ ਨੇ ਦੱਸਿਆ ਕਿ ਉਹਨਾਂ ਦੇ ਧਰਨੇ ਨੂੰ ਤਕਰੀਬਨ ਛੇ ਦਿਨ ਹੋ ਚੁੱਕੇ ਹਨ ਅਤੇ ਅੱਜ ਸਤਵਾਂ ਦਿਨ ਹੋ ਚੁੱਕਾ ਹੈ ਪਰ ਅਜੇ ਤੱਕ ਉਹਨਾਂ ਦੀ ਮੰਗਾਂ ਨੂੰ ਮੰਨਿਆ ਨਹੀ ਗਿਆ ਤੇ ਨਾ ਹੀ ਉਹਨਾਂ ਦੇ ਮਸਲੇ ਦਾ ਕੋਈ ਹੱਲ ਕੀਤਾ ਜਾ ਰਿਹਾ ਹੈ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਫਾਈ ਕਰਮਚਾਰੀ ਯੂਨੀਅਨ ਪ੍ਰਧਾਨ ਧਰਮਵੀਰ ਸੇਠੀ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਜਿੱਥੇ ਡੀ ਸੀ ਰੇਟਾਂ ਤੇ ਕੱਚੇ ਸਫਾਈ ਕਰਮਚਾਰੀਆਂ ਨੂੰ ਪੱਕਿਆਂ ਕੀਤਾ ਜਾ ਰਿਹਾ ਹੈ ਉੱਥੇ ਹੀ ਬਹੁਤ ਹੀ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਫਗਵਾੜਾ ਦੇ ਕੱਚੇ ਨਿਗਮ ਕਰਮਚਾਰੀਆਂ ਨੂੰ ਅਜੇ ਵੀ ਆਪਣੇ ਹੱਕਾਂ ਲਈ ਸੰਘਰਸ ਕਰਨਾ ਪੈ ਰਿਹਾ ਹੈ ਜਦਕਿ ਉਹਨਾਂ ਦੀਆਂ ਸਾਰੀਆਂ ਮੰਗਾਂ ਜਾਇਜ ਹਨ ਉਹਨਾਂ ਕਿਹਾ ਕਿ ਫਗਵਾੜਾ ਦੇ 134 ਕੱਚੇ ਮੁਲਾਜਮ ਹਨ ਜਿਨ੍ਹਾਂ ਵਿੱਚੋਂ ਸੀਵਰੇਜ ਕਰਮਚਾਰੀ, ਪਲੰਬਰ ਅਪਰੇਟਰ, ਅਤੇ ਹੋਰ ਸੰਬੰਧਿਤ ਕਰਮਚਾਰੀ ਹਨ ਜਿਹਨਾ ਨੂੰ ਅਜੇ ਵੀ ਇੰਨੇ ਸੰਘਰਸਾਂ ਦੇ ਬਾਵਜੂਦ ਵੀ ਪੱਕਿਆ ਨਹੀਂ ਕੀਤਾ ਜਾ ਰਿਹਾ ਜਦਕਿ ਗੁਰਾਇਆ ਵਰਗੇ ਛੋਟੇ ਖੇਤਰ ਵਿੱਚ ਵੀ ਕੱਚੇ ਸਫਾਈ ਮੁਲਾਜਮਾਂ ਨੂੰ ਡੀ ਸੀ ਰੇਟਾਂ ਤੇ ਪੱਕਾ ਕਰ ਦਿੱਤਾ ਗਿਆ ਹੈ ਉਨ੍ਹਾਂ ਕਿਹਾ ਕਿ ਅੱਜ ਧਰਨੇ ਨੂੰ ਸਤਵਾਂ ਦਿਨ ਹੋ ਚੁੱਕਾ ਹੈ ਪਰ ਅਜੇ ਤੱਕ ਕੋਈ ਵੀ ਪ੍ਰਸ਼ਾਸਨਿਕ ਅਧਿਕਾਰੀ ਉਹਨਾਂ ਦੀ ਸਾਰ ਲੈਣ ਨਹੀਂ ਆਇਆ ਉਹਨਾਂ ਕਿਹਾ ਕਿ ਅਫਸਰ ਵਿਭਾਗ ਵਲੋਂ ਮੁਲਾਕਾਤਾਂ ਦੇ ਬਾਵਜੂਦ ਪ੍ਰਸਾਸਨ ਵਲੋਂ ਉਹਨਾਂ ਨੂੰ ਨਾ ਕੋਈ ਵਿਸਵਾਸ ਦਿਵਾਇਆ ਜਾ ਰਿਹਾ ਹੈ ਅਤੇ ਨਾ ਹੀ ਕੋਈ ਮੀਟਿੰਗ ਤੈਅ ਕੀਤੀ ਗਈ ਹੈ ਇਸ ਤੋਂ ਇਲਾਵਾ ਉਹਨਾਂ ਵਲੋਂ ਸਰਕਾਰ ਨੂੰ ਮੰਗ ਪੱਤਰ ਵੀ ਦਿੱਤਾ ਗਿਆ ਹੈ ਉਨ੍ਹਾਂ ਅੱਜ ਇਸ ਸਬੰਧ ਚ ਰੋਸ ਮਾਰਚ ਕੱਢ ਸਰਕਾਰ ਅਤੇ ਪ੍ਰਸ਼ਾਸਨ ਖ਼ਿਲਾਫ਼ ਅਪਣੀ ਭੜ੍ਹਾਸ ਕੱਢੀ ਅਤੇ ਪੁਤਲਾ ਫੂਕਿਆ ਉਹਨਾਂ ਪ੍ਰਸਾਸਨ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਹਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਉਹਨਾਂ ਦੇ ਮਸਲੇ ਦਾ ਕੋਈ ਹੱਲ ਨਾ ਕੀਤਾ ਗਿਆ ਤਾਂ ਵੀਰਵਾਰ ਨੂੰ ਵੱਡੀ ਗਿਣਤੀ ਵਿੱਚ ਰੋਸ ਮੁਜਾਹਰੇ ਕੀਤੇ ਜਾਣਗੇ, ਗੱਡੀਆਂ ਜਾਮ ਕਰਕੇ ਕੂੜਾ ਸੜਕਾਂ ਤੇ ਖਿਲੇਰਿਆਂ ਜਾਵੇਗਾ ਇਸ ਮੌਕੇ ਧਰਨੇ ਤੇ ਮੌਜੂਦ ਸਫਾਈ ਕਰਮਚਾਰੀਆਂ ਵਿਚ ਪ੍ਰਧਾਨ ਧਰਮਵੀਰ ਸੇਠੀ, ਸਤਪਾਲ ਮੱਟੂ, ਪ੍ਰਿੰਸ ਘਈ, ਸੁਭਮ,ਪਵਨ, ਪਰਦੀਪ, ਧੀਰੂ, ਵਿੱਕੀ, ਵਿਪਨ, ਯਸ ਅਤੇ ਹੋਰ ਮੌਜੂਦ ਸਨ

ਰੋਜ਼ਾਨਾ ਲੋਕ ਬਾਣੀ www.lokbani

# ਪਿੰਡ ਬਡਾਲੀ ਵਿਖੇ ਕੁਸ਼ਤੀ ਦੰਗਲ ਅਤੇ ਪੁਆਧੀ ਅਖਾੜਾ ਅੱਜ

ਰੋਜ਼ਾਨਾ ਲੋਕ ਬਾਣੀ www.lokbani

ਖਰੜ, ( ਕਾਲਾ ਸਿੰਘ ਸੈਣੀ ):-ਪਿੰਡ ਬਡਾਲੀ ਵਿਖੇ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ (ਰਜਿ.2100) ਅਤੇ ਗੁੱਗਾ ਜਾਹਰ ਵੀਰ ਦੰਗਲ ਕਮੇਟੀ ਵਲੋਂ ਪਿੰਡ ਨਿਵਾਸੀਆਂ ਅਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ 18ਵਾਂ ਵਿਸ਼ਾਲ ਕੁਸ਼ਤੀ ਦੰਗਲ 'ਚ ਅੱਜ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਦੇ ਅਹੁਦੇਦਾਰ ਹਰਿੰਦਰ ਸਿੰਘ,ਮਨਜਿੰਦਰ ਸਿੰਘ ਮਿੰਟਾ,ਅਵਤਾਰ ਸਿੰਘ ਟਿਵਾਣਾ,ਬਹਾਦਰ ਸਿੰਘ ਭੱਟੀ,ਜਸਨੀਸ਼ ਸਿੰਘ,ਹਰਿੰਦਰ ਸਿੰਘ, ਗੁਰਜੋਤ ਸਿੰਘ ਟਿਵਾਣਾ,ਸੁਰਜੀਤ ਸਿੰਘ ਨੇ ਦੱਸਿਆ

ਅੱਜ ਹੋਣ ਵਾਲੇ ਕੁਸ਼ਤੀ ਦੰਗਲ ਵਿੱਚ ਝੰਡੀ ਦੀ ਕੁਸ਼ਤੀ ਪਹਿਲਵਾਨ ਜੱਸਾ ਪੱਟੀ ਨਾਲ ਭੁਪਿੰਦਰ ਅਜਨਾਲਾ ਅਤੇ ਉਮੇਸ਼ ਮਥੁਰਾ ਨਾਲ ਪ੍ਰਿੰਸ ਕੋਹਾਲੀ ਵਿਚਕਾਰ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਕੁਸਤੀ ਦੰਗਲ 'ਚ ਕਮੇਟੀ ਵਲੋਂ ਸੱਦੇ ਗਏ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਕਰਵਾਈਆਂ ਜਾਣਗੀਆਂ।ਅਤੇ ਦੰਗਲ ਕਮੇਟੀ ਵਲੋਂ ਐਨਆਰਆਈ ਗੁਰਵਿੰਦਰ ਸਿੰਘ ਭੋਲਾ (ਡਬਈ),ਤੇਜਿੰਦਰ ਸਿੰਘ ਤੇਜੀ (ਡਬਈ), ਵਾਲਿਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਜਾਵੇਗਾ।ਅਤੇ ਇਸ ਦਿਨ ਪੁਆਧੀ ਅਖਾੜਾ ਦੀ ਪੇਸ਼ਕਾਰੀ ਹੋਵੇਗੀ।

# ਆਈ ਏ ਐਸ ਜਸਪਿੰਦਰ ਸਿੰਘ ਨੇ ਸੰਭਾਲਿਆ ਦੀਨਾਨਗਰ ਚ ਬਤੌਰ ਐਸਡੀਐਮ ਵਜੋਂ ਅਹੁੱਦਾ



ਦੀਨਾਨਗਰ (ਡਾ.ਰਮੇਸ਼ ਸਰੰਗਲ ) ਆਈ ਏ ਐਸ ਜਸਪਿੰਦਰ ਸਿੰਘ ਨੇ ਦੀਨਾਨਗਰ ਚ ਬਤੌਰ ਐਸ ਡੀ ਐਮ ਅਹੁੱਦਾ ਸੰਭਾਲ ਲਿਆ ਹੈ। ਅੱਜ ਆਪਣੇ ਦਫਤਰ ਵਿਖੇ ਆਪਣਾ ਕਾਰਜਕਾਲ ਸੰਭਾਲਣ ਸਮੇਂ ਦਫਤਰ ਦੇ ਸਮੂਹ ਸਟਾਫ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇੱਥੇ ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਗੁਰਦੇਵ ਸਿੰਘ ਧੰਮ ਦੀ ਬਦਲੀ ਹੋ ਗਈ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵੇਂ ਆਏ ਐਸਡੀਐਮ ਜਸਪਿੰਦਰ ਸਿੰਘ ਨੇ ਕਿਹਾ ਕਿ ਆਉਣ ਵਾਲੀਆਂ ਪੰਚਾਇਤੀ ਚੋਣਾਂ ਨੂੰ ਅਮਨ ਅਮਾਨ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਅਤੇ ਕਿਸੇ ਨਾਲ ਵੀ ਪੱਖਪਾਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦਫਤਰ ਚ ਆਪਣੇ ਕੰਮ ਕਰਵਾਉਣ ਵਾਲਿਆਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਤੇ ਤਹਿਸੀਲਦਾਰ ਗੁਰਮੀਤ ਸਿੰਘ ਮਿਰਚਾ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ, ਰੀਡਰ ਰਕੇਸ਼ ਕੁਮਾਰ ਅਤੇ ਸੁਰਿੰਦਰ ਕੁਮਾਰ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਕੈਬਨਿਟ ਮੰਤਰੀ ਦੀ ਦਿੱਤੀ ਜਿੰਮੇਵਾਰੀ ਨੂੰ ਬਾਖੂਬੀ ਨਿਭਾਇਆ ਜਾਵੇਗਾ :- ਹਰਦੀਪ ਸਿੰਘ ਮੁੰਡੀਆਂ

ਲੁਧਿਆਣਾ (ਸੁਖਚੈਨ ਮਹਿਰਾ) ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ, ਹਾਊਸਿੰਗ ਅਤੇ ਸ਼ਹਿਰੀ ਵਿਕਾਸ, ਮੰਤਰੀ ਪੰਜਾਬ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਪ੍ਰਤੀ ਵਫਾਦਾਰੀ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਦੀ ਨੈਸ਼ਨਲ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਵੱਲੋ ਉਨ੍ਹਾਂ ਨੂੰ ਵੱਡੀ ਜਿੰਮੇਵਾਰੀ ਦੇ ਕੇ ਪੰਜਾਬ ਸੂਬੇ ਦਾ ਕੈਬਨਿਟ ਮੰਤਰੀ ਬਣਾਇਆ ਗਿਆ ਹੈ।

ਇਹ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਮੰਗਲਵਾਰ ਨੂੰ ਸਰਕਟ ਹਾਊਸ ਲੁਧਿਆਣਾ ਵਿਖੇ ਪੰਜਾਬ ਪੁਲਿਸ ਦੀ ਟੁਕੜੀ ਵੱਲੋ ਗਾਰਡ ਆਫ ਆਨਰ ਲੈਣ ਤੋ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਨ ਸਭਾ ਹਲਕਾ ਪਾਇਲ ਦੇ ਵਿਧਾਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ, ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ, ਵਿਧਾਨ ਸਭਾ ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ, ਡੀ.ਸੀ.ਪੀ. ਸ੍ਰੀ ਜਸਕਰਨ ਸਿੰਘ ਤੇਜਾ ਅਤੇ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਅਮਰਜੀਤ ਬੈਂਸ ਵੀ ਮੌਜੂਦ ਸਨ।



ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਪਾਰਟੀ ਦੇ ਨੇਤਾਵਾਂ ਵੱਲੋ ਜੋ ਉਨ੍ਹਾਂ ਨੂੰ ਵੱਡੀ ਜਿੰਮੇਵਾਰੀ ਦਿੱਤੀ ਗਈ ਹੈ, ਉਸ ਨੂੰ ਉਹ ਪੂਰੀ ਇਮਾਨਦਾਰੀ, ਲਗਨ ਅਤੇ ਮਿਹਨਤ ਨਾਲ ਬਾਖੂਬੀ ਨਿਭਾਉਣਗੇ, ਤਾਂ ਜੋ ਪਾਰਟੀ ਅਤੇ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਤੇ ਖਰ੍ਹੇ ਉਤਰ ਸਕਣ।

ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਉਹ ਪ੍ਰਮਾਤਮਾ ਅੱਗੇ ਵੀ ਅਰਦਾਸ ਕਰਦੇ ਹਨ ਕਿ ਜੋ ਉਨ੍ਹਾਂ ਨੂੰ ਪੰਜਾਬ ਦੀ ਵੱਡੀ ਜਿੰਮੇਵਾਰੀ ਮਿਲੀ ਹੈ, ਉਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਬਲ ਬਖ਼ਸ਼ਣ, ਤਾਂ ਜੋ ਪੰਜਾਬ ਦੇ ਲੋਕਾਂ ਲਈ ਦਿਨ ਰਾਤ ਕੰਮ ਕਰਕੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਵਿੱਚ ਸਹਿਯੋਗ ਕਰ ਸਕਣ।

ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਰਕਰ ਵੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪ੍ਰਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਉਲੰਘਣਾ ਕਰਨ ਵਾਲਿਆਂ ਤੇ ਪੀ ਸੀ ਪੀ ਐਨ ਡੀ ਟੀ ਐਕਟ ਤਹਿਤ ਹੋਵੇਗੀ ਕਾਰਵਾਈ : ਡਾ. ਰਿਚਾ ਭਾਟੀਆ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ. ਰਿਚਾ ਭਾਟੀਆ ਦੀ ਅਗਵਾਈ ਵਿਚ ਅੱਜ ਪੀ.ਸੀ.ਪੀ.ਐਨ.ਡੀ.ਟੀ ਐਕਟ ਅਧੀਨ ਗਠਤ ਕੀਤੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਕੀਤੀ ਗਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਰਿਚਾ ਭਾਟੀਆ ਨੇ ਦੱਸਿਆ ਕਿ ਜ਼ਿਲ੍ਹੇ ਚ ਪੀ.ਸੀ.ਪੀ.ਐਨ.ਡੀ.ਟੀ ਐਕਟ ਤਹਿਤ ਸਿਹਤ ਵਿਭਾਗ ਦੀ ਟੀਮ ਵਲੋਂ ਸਕੈਨਿੰਕ ਸੈਂਟਰਾਂ ਦੀ ਸਮੇਂ-ਸਮੇਂ ਤੇ ਜਾਂਚ ਕੀਤੀ ਜਾਂਦੀ ਹੈ, ਤਾਂ ਕਿ ਕੰਨਿਆ ਭਰੂਣ ਹੱਤਿਆ ਨੂੰ ਰੋਕਿਆ ਜਾ ਸਕੇ ਉਨ੍ਹਾਂ ਸਾਰੇ ਸਕੈਨਿੰਗ ਸੈਂਟਰਾਂ ਨੂੰ ਹਦਾਇਤ ਕਰਦਿਆ ਕਿਹਾ ਕਿ ਜੇਕਰ ਕੋਈ ਵੀ ਭਰੂਣ ਜਾਂਚ ਕਰਦਾ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਕੈਨਿੰਗ ਸੈਂਟਰ ਦੀ ਰਜਿਸਟ੍ਰੇਸ਼ਨ ਰੱਦ ਕਰਕੇ ਕਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।ਇਸ ਤੋਂ ਇਲਾਵਾ ਵੱਖ ਵੱਖ ਮੁੱਦਿਆਂ ਤੇ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਗਈ।

ਮੀਟਿੰਗ ਚ ਡੀਐਫਪੀਓ ਡਾ. ਅਸ਼ੋਕ ਕੁਮਾਰ, ਡਾਕਟਰ ਸਿੰਮੀ ਧਵਨ,ਡਾਕਟਰ ਹਰਪ੍ਰੀਤ ਮੋਮੀ, ਜ਼ਿਲ੍ਹਾ ਸਹਾਇਕ ਅਟਾਰਨੀ ਜਨਰਲ ਮਨੋਜ ਕੁਮਾਰ, ਪ੍ਰੋਮਿਲਾ ਅਰੋੜਾ ਸੋਸ਼ਲ ਵਰਕਰ, ਡਾ. ਰਾਜ ਕੁਮਾਰ ਸੋਸ਼ਲ ਵਰਕਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀਸੀਸੀ ਜੋਤੀ ਅਨੰਦ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਰਾਸ਼ਟਰੀ ਸੇਵਾ ਯੋਜਨਾ ਸਥਾਪਨਾ ਦਿਵਸ ਮਨਾਇਆ ਗਿਆ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਦੇ ਐੱਨ.ਐੱਸ. ਐੱਸ. ਯੂਨਿਟ ਨੇ ਕਾਲਜ ਵਿੱਚ ਰਾਸ਼ਟਰੀ ਸੇਵਾ ਯੋਜਨਾ (ਐੱਨ.ਐੱਸ.ਐੱਸ.) ਦਿਵਸ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ । ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਸ੍ਰੀਮਤੀ ਜਸਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਐੱਨ. ਐੱਸ.ਐੱਸ. ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ 24 ਸਤੰਬਰ ਨੂੰ ਦੇਸ਼ ਭਰ ਵਿੱਚ ਐੱਨ.ਐੱਸ. ਐੱਸ. ਦਿਵਸ ਮਨਾਇਆ ਜਾਂਦਾ ਹੈ ਮਹਾਤਮਾ ਗਾਂਧੀ ਦੇ ਜਨਮ ਸ਼ਤਾਬਦੀ ਵਰ੍ਹੇ (1969) ਦੌਰਾਨ ਸੈਂਤੀ ਸੰਸਥਾਵਾਂ ਦੇ ਚਾਲੀ ਹਜ਼ਾਰ ਵਿਦਿਆਰਥੀ ਵਲੰਟੀਅਰਾਂ ਸਮੇਤ ਰਾਸ਼ਟਰੀ ਸੇਵਾ ਯੋਜਨਾ ਦਾ ਉਦਘਾਟਨ ਕੀਤਾ ਗਿਆ ਸੀ ਉਹਨਾਂ ਨੇ ਇਸ ਸਾਲ ਦੇ ਐੱਨ.ਐੱਸ.ਐੱਸ. ਦੇ ਥੀਮ ਪਲੈਨੇਟ ਬਨਾਮ ਪਲਾਸਟਿਕ' ਬਾਰੇ ਵੀ ਦੱਸਿਆ ਅਤੇ ਵਿਦਿਆਰਥੀਆਂ ਨੂੰ ਸਮਾਜਿਕ ਸਮੱਸਿਆਵਾਂ ਦੇ ਹੱਲ ਲੱਭਣ ਲਈ ਆਪਣੇ ਸਿੱਖਣ ਤੇ ਤਜ਼ਰਬਿਆਂ ਨੂੰ ਜੋੜਨ ਦੀ ਅਪੀਲ ਕੀਤੀ। ਐੱਨ.ਐੱਸ.ਐੱਸ. ਵਲੰਟੀਅਰਜ਼ ਰਿਬਕਾ, ਰੁਪਿੰਦਰ, ਹਰਲੀਨ ਅਤੇ ਗੁਰਸਿਮਰਨ ਕੌਰ ਨੇ ਆਪਣੀਆਂ ਕਵਿਤਾਵਾਂ, ਗੀਤ ਤੇ ਭਾਸ਼ਣ ਰਾਹੀਂ ਰਾਸ਼ਟਰੀ ਸੇਵਾ ਯੋਜਨਾ ਦੇ ਉਦੇਸ਼ਾਂ ਬਾਰੇ ਜਾਣੂ ਕਰਾਇਆ। ਵਿਦਿਆਰਥੀਆਂ ਨੇ ਐੱਨ.ਐੱਸ.ਐੱਸ. ਨੂੰ ਸਮਰਪਿਤ ਪੋਸਟਰ ਵੀ ਬਣਾਏ। ਇਸ ਤੋਂ ਇਲਾਵਾ ਐੱਨ.ਐੱਸ.ਐੱਸ. ਵਲੰਟੀਅਰਜ਼ ਜੋ ਮਾਈ ਭਾਰਤ ਪੋਰਟਲ ਤੇ ਰਜਿਸਟਰਡ ਨਹੀਂ ਸਨ, ਉਹਨਾਂ ਨੂੰ ਸਫਲਤਾਪੂਰਵਕ ਰਜਿਸਟਰਡ ਕੀਤਾ ਗਿਆ ਇਸ ਮੌਕੇ ਵਿਦਿਆਰਥੀਆਂ ਨੇ ਰਾਸ਼ਟਰ ਦੀ ਏਕਤਾ, ਅਖੰਡਤਾ ਤੇ ਸਮਾਜ ਸੇਵਾ ਕਰਨ ਦੀ ਸਹੁੰ ਲਈ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਕਿਹਾ ਕਿ ਐੱਨ.ਐੱਸ.ਐੱਸ. ਦਾ ਨਾਅਰਾ ਹੈ 'ਮੈਂ ਨਹੀਂ, ਤੁਸੀਂ ਭਾਵ ਆਪਣੇ ਲਈ ਨਹੀਂ ਦੂਜਿਆਂ ਲਈ ਜਿਉਣਾ ਹੈ, ਦੂਜਿਆਂ ਦੇ ਕੰਮ ਆਉਣਾ ਹੈ ਉਹਨਾਂ ਕਿਹਾ ਕਿ ਇਹ ਯੋਜਨਾ ਵਿਦਿਆਰਥੀਆਂ ਵਿੱਚ ਭਾਈਚਾਰਕ ਸਾਂਝ, ਸੇਵਾ ਭਾਵ ਤੇ ਸਮਾਜਿਕ ਸਮੱਸਿਆਵਾਂ ਪ੍ਰਤੀ ਜਾਗਰੁਕਤਾ ਪੈਦਾ ਕਰਦੀ ਹੈ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਂਦੀ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਐੱਨ.ਐੱਸ.ਐੱਸ. ਦੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਵੀ ਕੀਤਾ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ, ਰਾਮਗੜ੍ਹੀਆ ਐਜੂਕੇਸ਼ਨ ਕੌਂਸਲ ਫਗਵਾੜਾ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ, ਐੱਨ. ਐੱਸ. ਐੱਸ. ਯੂਨਿਟ ਦੇ ਇੰਚਾਰਜ ਸ੍ਰੀਮਤੀ ਜਸਵਿੰਦਰ ਕੌਰ, ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀਆਂ ਨੂੰ ਇਸ ਬਹੁਮੁੱਲੇ ਦਿਵਸ ਨੂੰ ਮਨਾਉਣ ਤੇ ਵਧਾਈ ਦਿੱਤੀ ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ ਦੇ ਕਾਰਜ ਵਿੱਚ ਸ਼ਾਮਿਲ ਕਰਨ ਲਈ ਹੀ ਇਸ ਯੋਜਨਾ ਨੂੰ ਸ਼ੁਰੂ ਕੀਤਾ ਗਿਆ ਸੀ। ਉਹਨਾਂ ਨੇ ਨਿਰਸਵਾਰਥ ਸੇਵਾ ਦੀ ਮਹੱਤਤਾ ਤੇ ਜ਼ੋਰ ਦਿੱਤਾ ਅਤੇ ਵਲੰਟੀਅਰਾਂ ਨੂੰ ਉਸਾਰੂ ਸਮਾਜਿਕ ਕਾਰਜਾਂ ਵਿੱਚ ਸ਼ਾਮਿਲ ਹੋਣ ਅਤੇ ਭਵਿੱਖ ਵਿੱਚ ਆਪਣੀ ਸ਼ਖਸੀਅਤ ਨਿਖਾਰਣ ਲਈ ਪ੍ਰੇਰਿਤ ਵੀ ਕੀਤਾ

ਰੋਜ਼ਾਨਾ ਲੋਕ ਬਾਣੀ www.lokbani

# ਗ੍ਰੀਨ ਸਕੂਲ ਪ੍ਰੋਗਰਾਮ ਦੇ ਆਡਿਟ ਸੰਬੰਧੀ ਇੱਕ ਰੋਜ਼ਾ ਵਰਕਸ਼ਾਪ ਸਫਲਤਾ ਪੂਰਵਕ ਸੰਪੰਨ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਸੈਂਟਰ ਫਾਰ ਸਾਇੰਸ ਐਂਡ ਐਨਵਾਇਰਨਮੈਂਟ ਨਵੀਂ ਦਿੱਲੀ ਵਲੋਂ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੌਲੌਜ਼ੀ, ਚੰਡੀਗੜ੍ਹ ਦੇ ਸਹਿਯੋਗ ਨਾਲ਼ ਵਾਤਾਵਰਣ ਸਿੱਖਿਆ ਪ੍ਰੋਗਰਾਮ ਅਧੀਨ ਗ੍ਰੀਨ ਸਕੂਲ ਪ੍ਰੋਗਰਾਮ ਜਿਸਨੂੰ ਪਹਿਲਾਂ ਨੈਸ਼ਨਲ ਗ੍ਰੀਨ ਕਾਰਪਸ ਕਿਹਾ ਜਾਂਦਾ ਸੀ, ਸ਼ੁਰੂ ਕੀਤਾ ਗਿਆ ਹੈ।ਇਸ ਸੰਬੰਧੀ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਨੌਰਾ ਵਿਖੇ ਇੱਕ ਦਿਨਾਂ ਜਿਲ੍ਹੇ ਦੇ ਸਮੂਹ ਸਕੂਲਾਂ ਦੇ ਈਕੋ ਕਲੱਬਾਂ ਦੇ ਇੰਚਾਰਜ਼ਾਂ ਦੀ ਓਰੀਐਂਟੇਸ਼ਨ ਵਰਕਸ਼ਾਪ ਲਗਾਈ ਗਈ।ਇਸ ਵਰਕਸ਼ਾਪ ਵਿੱਚ ਅਮਰਜੀਤ ਖਟਕੜ੍ਹ ਉੱਪ-ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਸ਼ਹੀਦ ਭਗਤ ਸਿੰਘ ਨਗਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੈਂਟਰ ਫਾਰ ਸਾਇੰਸ ਐਂਡ ਐਨਵਾਇਰਨਮੈਂਟ ਦੀ ਇਹ ਪਹਿਲਕਦਮੀ ਸਕੂਲਾਂ ਨੂੰ ਟਿਕਾਊ ਅਤੇ ਸ੍ਰੋਤ ਕੁਸ਼ਲ ਗ੍ਰੀਨ ਸਕੂਲ ਪ੍ਰੋਗਰਾਮ ਬਣਨ ਵਿੱਚ ਮਦਦ ਕਰੇਗੀ।ਸਕੂਲਾਂ ਵਿੱਚ ਢੁੱਕਵੀਂ ਅਤੇ ਪ੍ਰਭਾਵਸ਼ਾਲੀ ਵਾਤਾਵਰਣ ਸਿੱਖਿਆ ਨੂੰ ਪੇਸ਼ ਕਰਨ ਦੀ ਤੁਰੰਤ ਲੋੜ ਹੈ।ਸੈਂਟਰ ਫਾਰ ਸਾਇੰਸ ਐਂਡ ਐਨਵਾਇਰਨਮੈਂਟ ਸਕੂਲਾਂ ਨੂੰ ਉਹਨਾਂ ਦੇ ਸ੍ਰੋਤਾਂ ਦੀ ਖਪਤ ਦੇ ਪੈਟਰਨਾਂ ਦਾ ਮੁਲਾਂਕਣ ਕਰਨ ਲਈ ਉਹਨਾਂ ਦੇ ਕੈਂਪਸ ਦਾ ਆਡਿਟ ਕਰਨ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੈਂਟਰ ਫਾਰ ਸਾਇੰਸ ਐਂਡ ਐਨਵਾਇਰਨਮੈਂਟ ਨਵੀਂ ਦਿੱਲੀ ਅਤੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੌਲੌਜ਼ੀ, ਚੰਡੀਗੜ੍ਹ ਵਲੋਂ ਸਕੂਲਾਂ ਦਾ ਆਡਿਟ ਕੀਤਾ ਜਾਣਾ ਹੈ ਅਤੇ ਆਡਿਟ ਕਰਨ ਤੋਂ ਬਾਅਦ ਜਿਲ੍ਹੇ ਵਿੱਚੋਂ ਚੁਣੇ ਸਰਬੋਤਮ ਤਿੰਨ ਸਕੂਲਾਂ ਨੂੰ ਵਿਸ਼ਵ ਵਾਤਾਵਰਣ ਦਿਵਸ-2025 ਦੇ ਮੌਕੇ ਤੇ ਪੁਰਸਕਾਰ ਨਾਲ਼ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਸਤਨਾਮ ਸਿੰਘ ਜਿਲ੍ਹਾ ਕੋਆਰਡੀਨੇਟਰ ਸ਼ਹੀਦ ਭਗਤ ਸਿੰਘ ਨਗਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੋਈ ਵੀ ਸਕੂਲ ਗ੍ਰੀਨ ਸਕੂਲ ਪ੍ਰੋਗਰਾਮ ਦੀ ਰਜਿਸਟ੍ਰੇਸ਼ਨ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।ਇਸ ਮੌਕੇ ਰਾਸ਼ਟਰੀ ਪੱਧਰ ਦੀ ਟ੍ਰੇਨਿੰਗ ਪ੍ਰਾਪਤ ਕਰਕੇ ਆਏ ਮੈਡਮ ਕਿਰਨਜੀਤ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਧਾਣਾ ਝਿੱਕਾ ਅਤੇ ਨਵਜੋਤ ਕੌਰ ਸਾਇੰਸ ਮਿਸਟ੍ਰੈੱਸ ਸਰਕਾਰੀ ਮਿਡਲ ਸਕੂਲ ਬੱਲੋਵਾਲ਼ ਨੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਅਤੇ ਗ੍ਰੀਨ ਸਕੂਲ ਪ੍ਰੋਗਰਾਮ ਦੀ ਰਜਿਸਟ੍ਰੇਸ਼ਨ, ਆਡਿਟ ਦੀ ਪ੍ਰਕਿਰਿਆ ,ਸਕੂਲਾਂ ਨੂੰ ਗ੍ਰੀਨ ਜ਼ੋਨ ਵਿੱਚ ਕਿਵੇਂ ਲਿਆਉਣਾ ਹੈ ਆਦਿ ਦੀ ਟ੍ਰੇਨਿੰਗ ਦਿੱਤੀ।ਉਨ੍ਹਾਂ ਗ੍ਰੀਨ ਸਕੂਲ ਪ੍ਰੋਗਰਾਮ ਦੇ ਮੁੱਖ ਵਿਸ਼ੇ ਹਵਾ,ਪਾਣੀ,ਧਰਤੀ,ਭੋਜਨ,ਊਰਜਾ ਅਤੇ ਫਾਲਤੂ ਪਦਾਰਥਾਂ ਦੀ ਸਾਂਭ ਸੰਭਾਲ਼ ਸੰਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਮੈਡਮ ਅਮਰਦੀਪ ਕੌਰ ਇੰਚਾਰਜ਼ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਨੌਰਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰਿੰਸੀਪਲ ਰਜ਼ਨੀਸ਼ ਕੁਮਾਰ, ਬਲਾਕ ਨੋਡਲ ਅਫਸਰ ਲਖਵੀਰ ਸਿੰਘ, ਨਿਰਮਲ ਨਵਾਂਗ੍ਰਾਈ, ਜਿਲ੍ਹਾ ਰਿਸੋਰਸ ਪਰਸਨ ਵਰਿੰਦਰ ਬੰਗਾ, ਜਿਲ੍ਹਾ ਕੈਰੀਅਰ ਗਾਈਡੈਂਸ ਕੌਂਸਲਰ ਬਲਦੀਸ਼ ਲਾਲ, ਸਤਨਾਮ ਸਿੰਘ, ਨਰੇਸ਼ ਭਰਿਗੂ, ਡਾ. ਸੁਖਜੀਤ ਸਿੰਘ, ਬਲਵੀਰ ਰਾਹੀ, ਜਸਵੀਰ ਚੰਦ, ਦੀਪਕ ਚੰਢੋਕ, ਹਰਮਨਪ੍ਰੀਤ ਵਾਲੀਆ, ਪਵਨ ਕੁਮਾਰ, ਸੁਸ਼ਾਂਤਪਾਲ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਆਨ ਲਾਇਨ ਕਿਸੀ ਵੀ ਐਪ ਤੇ ਠੱਗੀ ਹੋਣ ਤੇ ਟੂਲ ਫਰੀਹ ਨੰਬਰ 1930,1552,1560 ਤੇ ਤਰੁੰਤ ਸੂਚਿਤ ਕੀਤਾ ਜਾਵੇ: ਏ ਐਸ ਆਈ ਜਰਨੈਲ ਸਿੰਘ



ਸਹੀਦ ਭਗਤ ਸਿੰਘ ਨਗਰ(ਰਮੇਸ ਸਰਮਾ/ਮਨਪ੍ਰੀਤ ਵਾਸੂ) ਸਾਇਬਰ ਸੈਲ,ਥਾਣਾ ਨਵਾਸ਼ਹਿਰ ਦੇ ਏ ਐਸ ਆਈ ਜਰਨੈਲ ਸਿੰਘ ਵਲੋ ਆਮ ਲੋਕਾ ਨੂੰ ਅਪੀਲ ਕਰਦਿਆ ਕਿਹਾ ਕਿ ਆਨ ਲਾਇਨ ਵੱਡੇ ਪੱਧਰ ਤੇ ਭੋਲੇ ਭਾਲੇ ਲੋਕਾ ਨਾਲ ਠੱਗੀ ਹੋ ਰਹੀ ਹੈ।ਜਿਹਨ੍ਹਾ ਨੂੰ ਇਸ ਬਾਰੇ ਕੋਈ ਇਲਮ ਨਾ ਹੈ।ਉਨ੍ਹਾ ਆਮ ਲੋਕਾ ਨੂੰ ਅਪੀਲ ਕੀਤੀ ਕਿ ਅਗਰ ਕਿਸੀ ਵੀ ਵਿਆਕਤੀ ਆਪਣੇ ਮੋਬਾਇਲ ਫੋਨ ਤੋ ਐਪ ਡਨਲਾਊਡ ਕਰਦਾ ਹੈ।ਉਸਨੂੰ ਤਰੁੰਤ ਡੀਲੀਟ ਕਰ ਦਿੱਤਾ ਜਾਵੇ।ਕਿਸੀ ਵੀ ਅਣਜਾਨ ਵਿਆਕਤੀ ਨੂੰ ਕੋਈ ਵੀ ਉਟੀਪੀ ਨਾ ਦੱਸਿਆ ਜਾਵੇ।ਅਗਰ ਕਿਸੀ ਵੀ ਵਿਆਕਤੀ ਨੂੰ ਫੋਨ ਆਉਦਾ ਹੈ ਕਿ ਬੈਕ ਵਿਚੋ ਮੁਲਾਜਮ ਗੱਲ ਕਰ ਰਹੇ ਹਨ,ਕਦੀ ਵੀ ਮੋਬਾਇਲ ਫੋਨ ਤੋ ਉਟੀਪੀ ਨਾ ਦਿੱਤਾ ਜਾਵੇ ਆਪ ਖੁੱਦ ਬੈਕ ਵਿੱਚ ਜਾਕੇ ਸੰਪਰਕ ਕੀਤਾ ਜਾਵੇ।ਬੱਚਿਆ ਨੂੰ ਵੀ ਫੋਨ ਦੇਣ ਤੋ ਪਹਿਲਾ ਸਾਰੀ ਜਾਣਕਾਰੀ ਦਿੱਤੀ ਜਾਵੇ।ਐਪਾ ਰਾਹੀ ਸਮਾਨ ਖਰੀਦਣ ਤੋ ਪਹਿਲਾ ਚੰਗੀ ਤਰਾ ਉਸ ਬਾਰੇ ਪੱਤਾ ਹੋਣਾ ਚਾਹੀਦਾ ਹੈ।ਕਿਸੀ ਵੀ ਅਣਜਾਨ ਵਿਆਕਤੀ ਨੂੰ ਆਪਣੇ ਯੂਪੀਆਈ ਆਈ ਡੀ ਨਾ ਦੱਸੀ ਜਾਵੇ ਅਤੇ ਇਸਦਾ ਪਿੰਨ ਨੰਬਰ ਟੈਲੀਫੋਨ ਰਾਹੀ ਦੱਸਿਆ ਜਾਵੇ।ਜੇਕਰ ਕੋਈ ਆਪਨੂੰ ਫੋਨ ਕਰਕੇ ਇਹ ਦੱਸਦਾ ਹੈ ਕਿ ਆਪ ਦੀ ਲੋਟਰੀ ਨਿਕਲ ਆਈਹੈ।ਇਸਦੇ ਸਬੰਧ ਵਿੱਚ ਆਪਨੂੰ ਮੈਸਜ਼ ਕਰਕੇ ਕਿਊਆਰ ਕੋਡ ਜ਼ੋ ਕਿ ਚਿਕੋਣੇ ਅਕਾਰ ਦਾ ਹੁੰਦਾ ਹੈ ਨੂੰ ਸਕੈਨ ਕਰਨ ਲਈ ਆਖਦਾ ਹੈ ਤਾ ਸਮਝ ਲਵੋ ਇਹ ਤੁਹਾਡੇ ਬੈਕ ਖਾਤੇ ਵਿਚੋ ਪੈਸੇ ਠੱਗਣ ਦੀ ਇੱਕ ਗਹਿਰੀ ਸ਼ਾਜਿਸ ਹੋ ਰਹੀ ਹੈ।ਆਨ ਲਾਇਨ ਪੈਮੈਟ ਕਰਨ ਤੋ ਪਹਿਲਾ ਉਸ ਵੈਬਸਾਇਟ ਬਾਰ ਚੰਗੀ ਤਰਾ ਘੋਖ ਪੜਤਾਲ ਕਰ ਲਵੋ ਕਿ ਇਹ ਵੈਬਸਾਇਟ ਸਕਿਉਰ ਪ੍ਰੋਰੋਕਾਲ ਤਹਿਤ ਆਨ ਲਾਇਨ ਡੋਮੇਨ ਵਿੱਚ ਦਰਜ ਹੈ ਅਤੇ ਨਾ ਹੀ ਵੱਖ ਵੱਖ ਹੋਰ ਪੈਮੈਂਟ ਸਾਧਨਾ ਨੂੰ ਵੀ ਜਾਚ ਲਵੋ ਜਿਸਤੋ ਤੁਹਾਨੂੰ ਇਹ ਅੰਦਾਜਾ ਹੋ ਸਕੇ ਕਿ ਇਸ ਆਨਲਾਇਨ ਵੈਬਸਾਇਟ ਉਪਰ ਕਿਸੇ ਵੀ ਵਸਤੂ ਜਾ ਸਰਵਿਸ ਨੂੰ ਖਰੀਦਣ ਲਈ ਕੀਤੀ ਗਈ ਪੈਮੈਂਟ ਤੁਹਾਨੂੰ ਕੋਈ ਵਿਤੀ ਨੁਕਸਾਨ ਨਹੀਂ ਪਹੁੰਚਾਵੇਗੀ ਅਤੇ ਨਾ ਬੇਲੋੜੀਂਦੀ ਆਪਦੇ ਬੈਕ ਦੀ ਡੀਟੇਲ ਉਨ੍ਹਾ ਤੱਕ ਪਹੁੰਚੇ।ਜੇਕਰ ਭਵਿੱਖ ਵਿੱਚ ਅਜਿਹਾ ਹੋ ਵੀ ਜਾਦਾ ਹੈ ਤਾ ਤਰੁੰਤ ਟੂਲ ਫਰੀਹ ਨੰਬਰ 1930,1552,1560 ਤੇ ਤਰੁੰਤ ਸੂਚਿਤ ਕੀਤਾ ਜਾਵੇ।

ਰੋਜ਼ਾਨਾ ਲੋਕ ਬਾਣੀ www.lokbani

# ਸੇਵਾ ਸੋਸਾਇਟੀ ਬੰਗਾ ਵਲੋ ਥਾਣਾ ਮੁੱਖੀ ਸ੍ਰੀ ਮਹਿੰਦਰ ਸਿੰਘ ਦਾ ਵਧੀਆ ਸੇਵਾਵਾ ਦੇਣ,ਇੰਨਸਾਫ ਪਸੰਦ ਲੋਕਾ ਨੂੰ ਇੰਨਸਾਫ ਦਿਵਾਉਣ,ਨਸ਼ਿਆ ਦੇ ਸੋਦਾਗਰਾ ਦਾ ਲੱਕ ਤੋੜਨ ਤੇ ਕੀਤਾ ਵਿਸ਼ੇਸ਼ ਸਨਮਾਨ:ਬਲਦੀਸ ਕੋਰ ਪੂਨੀਆ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਸ੍ਰੀ ਮਹਿੰਦਰ ਸਿੰਘ ਪੁਲਿਸ ਮੁੱਖੀ ਥਾਣਾ ਸਿੱਟੀ ਨਵਾਸ਼ਹਿਰ ਜਿਥੇ ਵੀ ਬਦਲਕੇ ਆਉਦੇ ਹਨ,ਹਰੇਕ ਕਾਨੂੰਨ ਪਸੰਦ ਵਿਆਕਤੀ ਨੂੰ ਇੰਨਸਾਫ ਦਿਵਾਉਣ ਤੇ ਆਮ ਲੋਕਾ ਦੇ ਦਿਲਾ ਦੀ ਧੜਕਣ ਬਣ ਜਾਦੇ ਹਨ।ਇਨ੍ਹਾਂ ਗੱਲਾ ਦਾ ਪ੍ਰਗਟਾਵਾ ਸਤਨਾਮ ਸਿੰਘ ਖਟਕੜ ਪ੍ਰੋਜੈਕਟ ਮੈਨੇਜਰ,ਪ੍ਰਧਾਨ ਸੁਰਿੰਦਰ ਸਿੰਘ ਖਟਕੜ ਵਲੋ ਚੋਣਵੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਆਖੇ,ਉਨ੍ਹਾ ਕਿਹਾ ਕਿ ਮਹਿੰਦਰ ਸਿੰਘ ਬੰਗਾ ਅਤੇ ਔੜ ਵਿਖੇ ਕਾਫੀ ਲੰਮਾ ਸਮਾ ਰਹਿਕੇ ਨਸ਼ਿਆ ਦੇ ਸੁਦਾਗਰਾ ਦਾ ਲੱਕ ਤੋੜਿਆ ਹੈ।ਆਮ ਲੋਕਾ ਨੂੰ ਇੰਨਸਾਫ ਦਿਵਾਉਣ ਵਿੱਚ ਕੋਈ ਕਸਰ ਨਹੀਂ ਛੱਡੀ।ਮਹਿੰਦਰ ਸਿੰਘ ਅਣਥੱਕ ਅਤੇ ਮਿਹਨਤੀ ਅਫਸਰ ਹਨ ਜ਼ੋ ਕਿ 24 ਘੰਟੇ ਆਪਣੀ ਡਿਊਟੀ ਤੇ ਕਰਾਈਮ ਨੂੰ ਨੱਥ ਪਾਉਣ ਲਈ ਪੰਜਾਬ ਸਰਕਾਰ ਅਤੇ ਜਿਲ੍ਹਾ ਮੁੱਖੀ ਦੇ ਆਦੇਸ਼ਾ ਅਨੁਸਾਰ ਤੱਤਪਰ ਰਹਿੰਦੇ ਹਨ।ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਦੇ ਹਨ।ਜਿਸ ਇਲਾਕੇ ਵਿੱਚ ਵੀ ਡਿਊਟੀ ਕਰਦੇ ਹਨ।ਉਸ ਇਲਾਕੇ ਦਾ ਮਾਹੋਲ ਅਮਨ ਸ਼ਾਤੀ ਵਾਲਾ ਬਣ ਜਾਦਾ ਹੈ।ਅਜਿਹੇ ਅਫਸਰਾ ਦੀਆ ਯਾਦਾ ਆਮ ਲੋਕਾ ਦੇ ਦਿਲਾ ਦੀ ਧੜਕਣ ਬਣ ਜਾਦੀ ਹੈ।ਸੇਵਾ ਸੋਸਾਇਟੀ ਅਜਿਹੇ ਅਫਸਰਾ ਦਾ ਸਨਮਾਨ ਕਰਨਾ ਆਪਣਾ ਫਰਜ ਸਮਝਦੀ ਹੈ।ਸੇਵਾ ਸੋਸਾਇਟੀ ਬੰਗਾ ਵਲੋ ਐਸ ਐਚ ਉ ਮਹਿੰਦਰ ਸਿੰਘ ਦਾ ਵਿਸੇਸ ਸਨਮਾਨ ਥਾਣਾ ਸਿੱਟੀ ਨਵਾਸਹਿਰ ਆਕੇ ਕੀਤਾ ਗਿਆ।

ਇਸ ਮੋਕੇ ਐਸ ਐਚ ਉ ਮਹਿੰਦਰ ਸਿੰਘ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕਿਹਾ ਕਿ ਮਾਨਯੋਗ ਡਾਕਟਰ ਮਹਿਤਾਬ ਸਿੰਘ ਜਿਲ੍ਹਾ ਮੁੱਖੀ ਜੀ ਅਤੇ ਪੰਜਾਬ ਸਰਕਾਰ ਦੇ ਆਦੇਸ਼ਾ ਅਨੁਸਾਰ ਨਸ਼ਿਆ ਦੇ ਸੋਦਾਗਰਾ ਖਿਲਾਫ,ਸ਼ਹਿਰ ਅੰਦਰ ਕਿਸੀ ਵੀ ਕਰਾਈਮ ਨੂੰ ਨੱਥ ਪਾਉਣ ਲਈ 24 ਘੰਟੇ ਡਿਊਟੀ ਤੇ ਤਾਇਨਾਤ ਹਾ।ਮੈ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਦਾ ਹਾ।ਉਨਾ ਕਿਹਾ ਕਿਸੀ ਵੀ ਵਿਆਕਤੀ ਨੂੰ ਮੇਰੀ ਜਦੋ ਮਰਜੀ ਲੋੜ ਹੋਵੇ ਮੈਨੂੰ ਤਰੁੰਤ ਸੂਚਿਤ ਕੀਤਾ ਜਾਵੇ।ਮੈ ਵਿਸ਼ਵਾਸ ਦਿਵਾਉਦਾ ਹਾ ਕਿ ਹਰੇਕ ਵਿਆਕਤੀ ਨੂੰ ਇੰਨਸਾਫ ਮਿਲੇਗਾ।

ਇਸ ਮੋਕੇ ਸੋਸਾਇਟੀ ਦੀ ਸਰਪ੍ਰਸਤ ਬਲਦੀਸ ਕੋਰ ਪੂਨੀਆ,ਸਤਨਾਮ ਸਿੰਘ ਖਟਕੜ ਪ੍ਰੋਜੈਕਟ ਮੈਨੇਜਰ,ਪ੍ਰਧਾਨ ਸੁਰਿੰਦਰ ਸਿੰਘ ਖਟਕੜ,ਵਾਇਸ ਪ੍ਰਧਾਨ ਰਾਜ ਕੁਮਾਰ ਖਾਨ ਖਾਨਾ,ਗੁਰਵਿੰਦਰਪਾਲ ਸਿੰਘ ਬੰਗਾ ਮੁੱਖ ਸਲਾਹਕਾਰ ਸ਼ਹਿਰੀ ਆਦਿ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਖੇਡਾਂ ਵਤਨ ਪੰਜਾਬ ਦੀਆਂ ਤਹਿਤ ਹੋਏ ਵੱਖ ਵੱਖ ਮੁਕਾਬਲੇ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਸੀਜਨ-3, 2024 ਜ਼ਿਲ੍ਹਾ ਪੱਧਰੀ ਖੇਡਾਂ, ਜੋ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ-ਵੱਖ ਸਥਾਨਾਂ, ਜਿਵੇਂ ਕਿ ਆਈ. ਟੀ.ਆਈ. ਗਰਾਊਂਡ ਨਵਾਂਸ਼ਹਿਰ (ਅਥਲੈਟਿਕਸ, ਕਬੱਡੀ ਸਰਕਲ ਕਬੱਡੀ ਨੈਸ਼ਨਲ, ਵਾਲੀਬਾਲ ਸ਼ੂਟਿੰਗ ਤੇ ਸ਼ਮੈਸਿੰਗ, ਜੂਡੋ ਤੇ ਕਿੱਕ ਬਾਕਸਿੰਗ), ਖ਼ਾਲਸਾ ਸਕੂਲ ਨਵਾਂਸ਼ਹਿਰ (ਗੇਮ ਫੁੱਟਬਾਲ ਤੇ ਖੋ-ਖੋ), ਜ਼ਿਲ੍ਹਾ ਬੈਡਮਿੰਟਨ ਹਾਲ ਨਵਾਂਸ਼ਹਿਰ (ਗੇਮ ਬੈਡਮਿੰਟਨ), ਬੀ.ਐਲ.ਐਮ ਗਰਲਜ਼ ਕਾਲਜ ਨਵਾਂਸ਼ਹਿਰ (ਹੈਡਬਾਲ), ਰਾਜਾ ਸਾਹਿਬ ਸਪੋਰਟਸ ਕਲੱਬ ਗੁਣਾਚੌਰ (ਵੇਟਲਿਫਟਿੰਗ ਤੇ ਪਾਵਰਲਿਫਟਿੰਗ), ਸ਼੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਬਾਹੜੋਵਾਲ (ਕੁਸ਼ਤੀ), ਕਰਵਾਈਆ ਜਾ ਰਹੀਆਂ ਹਨ। ਅੱਜ ਹੋਏ ਮਕਾਬਲਿਆ ਦੀ ਜਾਣਕਾਰੀ ਦਿੰਦਿਆਂ ਗੇਮ ਕਨਵੀਨਰਾਂ ਨੇ ਦੱਸਿਆ ਕਿ ਅਥਲੈਕਿਟਸ ਅੰਡਰ 17 ਲੜਕੇ, 3000 ਮੀਟਰ ਵਿਚ ਰੋਸ਼ਨ ਨੇ ਪਹਿਲਾ ਸਥਾਨ, ਭੋਲਾ ਕੁਮਾਰ ਨੇ ਦੂਜਾ ਅਤੇ ਜਸ਼ਨ ਕੁਮਾਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇ ਐਫ ਐਸ ਖ਼ਾਲਸਾ ਸਕੂਲ ਵਿਖੇ ਫੁੱਟਬਾਲ ਮੁਕਾਬਲਿਆਂ ਦਾ ਉਦਘਾਟਨ ਰਣਜੀਤ ਸਿੰਘ ਹੋਲੈਂਡ (ਐਨ ਆਰ ਆਈ) ਵਲੋਂ ਕੀਤਾ ਗਿਆ ਅਤੇ ਬਚਿਆਂ ਨੂੰ ਆਸ਼ੀਰਵਾਦ ਦਿੱਤਾ ਗਿਆ। ਫੁੱਟਬਾਲ ਅੰਡਰ-17 ਲੜਕਿਆਂ ਵਿਚ ਜਗਤਪੁਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅਥਲੈਟਿਕਸ 800 ਮੀਟਰ ਲੜਕਿਆਂ ਵਿਚ ਮੰਨਤ ਕੁਮਾਰ ਨੇ ਪਹਿਲਾ, ਮਨੁਰਾਜ ਨੇ ਦੂਜਾ ਅਤੇ ਅੰਕੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹਾਈ ਜੰਪ ਲੜਕਿਆ ਵਿੱਚ ਸਾਹਿਬਦੀਪ ਸਿੰਘ ਨੇ ਪਹਿਲਾ, ਹਰਵਿੰਦਰ ਸਿੰਘ ਨੇ ਦੂਜਾ ਅਤੇ ਰਵੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗੇਮ ਕਬੱਡੀ ਨੈਸ਼ਨਲ ਸਟਾਈਲ ਅੰਡਰ-14 ਲੜਕੀਆਂ ਵਿਚ ਟੀਮ ਬਾਬਾ ਗੋਲਾ ਸੀਨੀਅਰ ਸੈਕੈਂਡਰੀ ਸਕੂਲ ਬੰਗਾ ਨੇ ਪਹਿਲਾ, ਸਰਕਾਰੀ ਮਿਡਲ ਸਕੂਲ ਭੰਗਲ ਖੁਰਦ ਨੇ ਦੂਜਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁਕੰਦਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਬੱਡੀ ਸਰਕਲ ਸਟਾਈਲ ਅੰਡਰ-14 ਲੜਕਿਆਂ ਵਿਚ ਟੀਮ ਪਿੰਡ ਜਗਤਪੁਰ ਨੇ ਪਹਿਲਾ ਅਤੇ ਪਿੰਡ ਝਿੰਗੜਾਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਵਾਲੀਬਾਲ ਅੰਡਰ -14 ਲੜਕਿਆ ਵਿਚ ਟੀਮ ਪਿੰਡ ਬਲਾਚੌਰ ਨੇ ਪਹਿਲਾ ਅਤੇ ਪਿੰਡ ਸੌੜਆ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਤੇ ਵੱਖ-ਵੱਖ ਗੇਮਾ ਦੇ ਕਨਵੀਨਰ ,ਸਮੂਹ ਕੋਚ ਸਹਿਬਾਨ ਹਾਜ਼ਰ ਸਨ। ਇਨ੍ਹਾਂ ਖੇਡ ਮੁਕਾਬਲਿਆਂ ਵਿਚ ਵੱਧ ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ। ਇਸ ਤੋਂ ਇਲਾਵਾ ਟੇਬਲ ਟੈਨਿਸ ਦੇ ਮੁਕਾਬਲੇ ਮਿਤੀ 27-09-2024 ਬਾਬਾ ਵਜ਼ੀਦ ਸਕੂਲ ਨਵਾਂਸ਼ਹਿਰ ਵਿਖੇ ਕਰਵਾਏ ਜਾਣਗੇ



ਰੋਜ਼ਾਨਾ ਲੋਕ ਬਾਣੀ www.lokbani

# ਖ਼ਾਲਸਾ ਕਾਲਜ ਵਿਖੇ ਕੈਰੀਅਰ ਕਾਊਂਸਿਲੰਗ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ

ਅੰਮ੍ਰਿਤਸਰ, (ਲੋਕ ਬਾਣੀ)—ਖਾਲਸਾ ਕਾਲਜ ਦੇ ਸਕੂਲ ਆਫ ਕੰਪਿਊਟਰ ਸਾਇੰਸ ਐਂਡ ਐਪਲੀਕੇਸ਼ਨਜ਼ ਵੱਲੋਂ 'ਕੈਰੀਅਰ ਕਾਊਂਸਲਿੰਗ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਦੇ ਸਹਿਯੋਗ ਨਾਲ ਕਰਵਾਏ ਸੈਮੀਨਾਰ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਬੀ. ਡੀ. ਐੱਸ. ਗਿਆਨ ਪੁਆਇੰਟ ਦੇ ਡਾਇਰੈਕਟਰ ਸ੍ਰੀ ਗੌਰਵ ਖੇੜਾ ਨੇ ਵਿਸ਼ੇ ਨਾਲ ਸਬੰਧਿਤ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਇਸ ਮੌਕੇ ਵਿਭਾਗ ਮੁਖੀ ਡਾ. ਹਰਭਜਨ ਸਿੰਘ ਰੰਧਾਵਾ ਅਤੇ ਸਮਾਗਮ ਕੋ-ਕੋਆਰਡੀਨੇਟਰ ਡਾ: ਮਨੀ ਅਰੋੜਾ ਨੇ ਸ੍ਰੀ ਖੇੜਾ ਨੂੰ ਵਿਦਿਆਰਥੀਆਂ ਦੇ ਅਕਾਦਮਿਕ ਵਿਕਾਸ 'ਚ ਪਾਏ ਯੋਗਦਾਨ ਲਈ ਮੋਮੈਂਟੋ ਦੇ ਕੇ ਜੀ ਆਇਆ ਆਖਿਆ।

ਸੈਮੀਨਾਰ ਮੌਕੇ ਸ੍ਰੀ ਖੇੜਾ ਨੇ ਅਕਾਦਮਿਕ ਵਿਕਲਪਾਂ ਨੂੰ ਕਰੀਅਰ ਦੇ ਟੀਚਿਆਂ ਨਾਲ ਜੋੜਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਖਾਸ ਕਰਕੇ ਕੰਪਿਊਟਰ ਵਿਗਿਆਨ ਅਤੇ ਸੂਚਨਾ ਤਕਨਾਲੋਜੀ ਦੇ ਗਤੀਸ਼ੀਲ ਲੈਂਡਸਕੇਪ 'ਚ ਉੱਭਰ ਰਹੇ ਕਰੀਅਰ ਦੇ ਮੌਕਿਆਂ, ਆਧੁਨਿਕ ਨੌਕਰੀ ਦੀ ਮਾਰਕੀਟ 'ਚ ਲੋੜੀਂਦੇ ਮੁੱਖ ਹੁਨਰਾਂ ਅਤੇ ਨਿੱਜੀ ਅਤੇ ਪੇਸ਼ੇਵਰ ਵਿਕਾਸ ਲਈ ਰਣਨੀਤੀਆਂ ਬਾਰੇ ਚਰਚਾ ਕੀਤੀ। ਸ੍ਰੀ ਖੇੜਾ ਨੇ ਉਦਯੋਗਿਕ ਰੁਝਾਨਾਂ ਸਬੰਧੀ ਜਾਣਕਾਰੀ ਦਿੰਦਿਆਂ ਲਗਾਤਾਰ ਸਿੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਪ੍ਰਤੀਯੋਗੀ ਬਣੇ ਰਹਿਣ ਲਈ ਨਵੀਆਂ ਤਕਨੀਕਾਂ ਨੂੰ ਅਪਨਾਉਣ ਲਈ ਉਤਸ਼ਾਹਿਤ ਕੀਤਾ।

ਇਸ ਦੌਰਾਨ ਪ੍ਰਿੰ: ਡਾ. ਮਹਿਲ ਸਿੰਘ ਨੇ ਡਾ. ਰੰਧਾਵਾ ਅਤੇ ਵਿਭਾਗੀ ਸਟਾਫ਼ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸੈਮੀਨਾਰ ਵਿਦਿਆਰਥੀਆਂ ਦੇ ਸੁਨਿਹਰੇ ਭਵਿੱਖ ਲਈ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਸਹਾਈ ਸਿੱਧ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸੈਮੀਨਾਰ 'ਚ ਵਿਦਿਆਰਥੀਆਂ ਨੂੰ ਸਵਾਲ ਪੁੱਛਣ ਅਤੇ ਉਨ੍ਹਾਂ ਦੀਆਂ ਭਵਿੱਖ ਦੀਆਂ ਇੱਛਾਵਾਂ ਬਾਰੇ ਅਨੁਕੂਲ ਸਲਾਹ ਪ੍ਰਾਪਤ ਕਰਨ ਦਾ ਮੌਕਾ ਮਿਲਿਆ।



ਇਸ ਮੌਕੇ ਡਾ. ਰੰਧਾਵਾ ਅਤੇ ਡਾ. ਅਰੋੜਾ ਨੇ ਸਾਂਝੇ ਤੌਰ 'ਤੇ ਅਜਿਹੀ ਕੀਮਤੀ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਸ੍ਰੀ ਖੇੜਾ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਭਵਿੱਖ 'ਚ ਵੀ ਨਿਰੰਤਰ ਸਹਿਯੋਗ ਦੀ ਉਮੀਦ ਪ੍ਰਗਟਾਈ। ਉਕਤ ਸੈਸ਼ਨ ਇੰਟਰਐਕਟਿਵ ਸਵਾਲ-ਜਵਾਬ ਦੇ ਨਾਲ ਸਮਾਪਤ ਹੋਇਆ, ਜਿੱਥੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਸ਼ਮੂਲੀਅਤ ਕੀਤੀ, ਜੋ ਕਿ ਸਫਲਤਾ ਨੂੰ ਦਰਸਾਉਂਦੀ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਵਲੋਂ ਸਬ ਡਵੀਜਨ ਅਹਿਮਦਗੜ੍ਹ ਦੇ 117 ਲਾਭਪਾਤਰੀਆਂ ਦੀਆਂ ਅਰਜੀਆਂ ਨੂੰ ਮਨਜੂਰੀ

ਅਹਿਮਦਗੜ੍ਹ /ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼ )

ਪੰਜਾਬ ਸਰਕਾਰ ਦੇ ਕਿਰਤ ਵਿਭਾਗ ਅਧੀਨ ਆਉਂਦੇ ਉਸਾਰੀ ਕਿਰਤੀਆ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਬਣੇ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਦੀਆਂ ਭਲਾਈ ਸਕੀਮਾਂ ਰਜਿਸਟਰਡ ਉਸਾਰੀ ਕਿਰਤੀਆਂ ਲਈ ਵਰਦਾਨ ਸਾਬਤ ਹੋ ਰਹੀਆਂ ਹਨ। ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਵਲੋਂ ਸਬ ਡਵੀਜਨ ਅਹਿਮਦਗੜ੍ਹ ਦੇ 117 ਲਾਭਪਾਤਰੀਆਂ ਦੀਆਂ ਅਰਜੀਆਂ ਨੂੰ 44 ਲੱਖ 55 ਹਜਾਰ ਰੁਪਏ ਦੀ ਵਿੱਤੀ ਸਹਾਇਤਾ ਦੇਣ ਦੀ ਮਨਜ਼ੂਰੀ ਦਿੱਤੀ ਗਈ ਹੈ।

ਲੇਬਰ ਇੰਸਪੈਕਟਰ ਸ੍ਰੀਮਤੀ ਪਵਨੀਤ ਕੌਰ ਨੇ ਦੱਸਿਆ ਕਿ ਵਿੱਤੀ ਸਹਾਇਤਾ ਦਾ ਲਾਭ ਰਾਸ਼ੀ ਬੋਰਡ ਵਲੋਂ ਸਿੱਧੇ ਤੌਰ ਤੇ ਲਾਭਪਤਾਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਂਦੀ ਹੈ ਤਾਂ ਜੋ ਪਾਰਦਰਸਤਾ ਬਣੀ ਰਹੇ । ਉਨ੍ਹਾਂ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸ ਬੋਰਡ ਦਾ ਗਠਨ ਉਸਾਰੀ ਕਿਰਤੀਆਂ ਦੀ ਭਲਾਈ ਲਈ ਕੀਤਾ ਗਿਆ ਹੈ । ਉਨ੍ਹਾਂ ਦੱਸਿਆ ਕਿ ਰਜਿਸਟਰਡ ਉਸਾਰੀ ਕਿਰਤੀਆਂ ਦੇ ਬੱਚਿਆਂ ਲਈ ਵਜ਼ੀਫ਼ਾ ਸਕੀਮ, ਲੜਕੀਆਂ ਦੇ ਵਿਆਹ ਲਈ ਸ਼ਗਨ ਸਕੀਮ, ਯਾਤਰਾ ਸਹੂਲਤ, ਦੇਹ ਸੰਸਕਾਰ ਅਤੇ ਅੰਤਿਮ ਕਿਰਿਆ ਕਰਮ ਦੇ ਖ਼ਰਚੇ ਲਈ ਸੰਸਕਾਰ ਸਕੀਮ, ਬੋਰਡ ਦੇ ਲਾਭਪਾਤਰੀਆਂ ਲਈ ਪੈਨਸ਼ਨ ਸਕੀਮ, ਪ੍ਰਸੂਤਾ ਲਾਭ ਸਕੀਮ, ਮਾਨਸਿਕ ਰੋਗਾਂ ਜਾਂ ਅਪੰਗਤਾ ਨਾਲ ਗ੍ਰਸਤ ਬੱਚਿਆਂ ਦੀ ਸੰਭਾਲ ਲਈ ਵਿੱਤੀ ਸਹਾਇਤਾ, ਲੜਕੀਆਂ ਦੇ ਜਨਮ ਸਮੇਂ ਬਾਲੜੀ ਤੋਹਫ਼ਾ ਸਕੀਮ ਵਜੋਂ ਰਾਸ਼ੀ ਜਮ੍ਹਾਂ ਕਰਾਉਣ ਅਤੇ ਉਸਾਰੀ ਕਿਰਤੀ ਦੀ ਮੌਤ ਹੋਣ ਤੋਂ ਬਾਅਦ ਐਕਸ ਗ੍ਰੇਸ਼ੀਆ ਜਿਹੀਆਂ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਹੈ।

ਸ੍ਰੀਮਤੀ ਪਵਨੀਤ ਕੌਰ ਨੇ ਕਿਹਾ ਕਿ ਉਸਾਰੀ ਕਿਰਤੀ ਅਤੇ ਉਸਾਰੀ ਮਜ਼ਦੂਰ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਵਾਸਤੇ ਨਜ਼ਦੀਕੀ ਸੇਵਾ ਕੇਂਦਰਾਂ ਰਾਹੀਂ ਰਜਿਸਟ੍ਰੇਸ਼ਨ ਫ਼ੀਸ ਭਰਕੇ ਸਬੰਧਿਤ ਵਿਭਾਗ ਕੋਲ ਆਪਣੀ ਰਜਿਸਟਰੇਸ਼ਨ ਕਰਾਉਣ ਤਾਂ ਜੋ ਉਹਨਾਂ ਨੂੰ ਸਰਕਾਰ ਵੱਲੋਂ ਉਨ੍ਹਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲਾਭ ਮਿਲ ਸਕੇ। ਪੰਜੀਕ੍ਰਿਤ ਹੋਣ ਲਈ ਕਿਰਤੀ ਕੋਲ ਆਪਣੇ ਅਤੇ ਆਪਣੇ ਪਰਿਵਾਰ ਦਾ ਆਧਾਰ ਕਾਰਡ, ਬੈਂਕ ਖਾਤਾ, ਪਰਿਵਾਰ ਦੀ ਗਰੁੱਪ ਫੋਟੋ, ਜਨਮ ਮਿਤੀ ਦਾ ਸਾਬੂਤ ਆਦਿ ਹੋਣੇ ਚਾਹੀਦੇ ਹਨ ।



ਉਸਾਰੀ ਕਿਰਤੀਆਂ ਨਾਲ ਸਬੰਧਤ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੇ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਵਿਭਾਗ ਵੱਲੋਂ ਹਰ ਤਰ੍ਹਾਂ ਦੇ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਕੋਈ ਵੀ ਕਿਰਤੀ ਲਾਭ ਲੈਣ ਤੋਂ ਵਾਂਝਾ ਨਾ ਰਹੇ ।

ਰੋਜ਼ਾਨਾ ਲੋਕ ਬਾਣੀ www.lokbani

# ਸਿਹਤ ਵਿਭਾਗ ਦੇ ਕੰਮਾਂ ਦੀ ਸਮੀਖਿਆ ਲਈ ਕੀਤੀ ਅਹਿਮ ਮੀਟਿੰਗ



ਅੰਮ੍ਰਿਤਸਰ (ਲੋਕ ਬਾਣੀ)- ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋ ਮੀਟਿੰਗ ਹਾਲ ਦਫਤਰ ਸਿਵਲ ਸਰਜਨ ਵਿਖੇ ਸਿਹਤ ਵਿਭਾਗ ਦੇ ਕੰਮਾਂ ਦੀ ਸਮੀਖਿਆ ਲਈ ਅਹਿਮ ਮੀਟਿੰਗ ਕੀਤੀ ਗਈ ।ਜਿਸ ਵਿਚ ਸਮੂਹ ਪ੍ਰੋਗਰਾਮ ਅਧਿਕਾਰੀ ਅਤੇ ਸੀਨੀਅਰ ਮੈਡੀਕਲ ਅਫਸਰ ਸ਼ਾਮਿਲ ਹੋਏ। ਇਸ ਦੌਰਾਨ ਡਾ ਕਿਰਨਦੀਪ ਕੌਰ ਵਲੋ ਕਿਹਾ ਕਿ ਸਿਹਤ ਵਿਭਾਗ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ। ਇਸ ਲਈ ਉਹਨਾਂ ਨੇ ਜਿਲੇ ਭਰ ਦੇ ਸਾਰੇ ਅਧਿਕਾਰੀਆਂ ਨੂੰ ਕਿਹਾ ਕਿ ਜਿਲੇ ਭਰ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਮਿਆਰੀ ਅਤੇ ਉੱਚ ਪੱਧਰੀ ਸਿਹਤ ਸਹੂਲਤਾਂ ਦੇਣਾਂ ਯਕੀਨੀਂ ਬਣਾਇਆ ਜਾਵੇ,ਤਾਂ ਜੋ ਲੋਕਾਂ ਨੂੰ ਜਰੂਰੀ ਸਿਹਤ ਸਹੂਲਤਾਂ ਜਿਵੇਂ ਕਿ ਜੱਚਾ-ਬੱਚਾ ਸਿਹਤ ਸੰਭਾਲ,ਜਣੇਪਾ ਸੁਵਿਧਾਵਾਂ, ਜਨਣੀ ਸ਼ਿਸ਼ੂ ਸੁਰੱਖਿਆ ਪ੍ਰੋਗਰਾਮ, ਜੇ.ਐਸ.ਵਾਈ,ਪਰਿਵਾਰ ਨਿਯੋਜਨ,ਸੈਕਸ ਰੇਸ਼ੋ,ਟੀਕਾਕਰਣ ਸੁਵਿਧਾਵਾਂ,ਮਲੇਰੀਆ,ਡੇਂਗੂ, ਗੈਰ ਸੰਚਾਰੀ ਬੀਮਾਰੀਆਂ,ਟੀ.ਬੀ.ਦਾ ਮੁਫਤ ਇਲਾਜ, ਕੋਹੜ ਰੋਗ ਸੰਬਧੀ ਇਲਾਜ ਦੀਆਂ ਸੁਵਿਧਾਵਾਂ, ਸ਼ਹਿਰ ਭਰ ਵਿਚ ਸਾਫ ਸੁਥਰਾ ਅਤੇ ਮਿਆਰੀ ਖਾਦ ਪਦਾਰਥਾਂ ਦੀ ਵਿਕਰੀ, ਬਰਸਾਤੀ ਮੌਸਮ ਦੌਰਾਣ ਪਾਣੀ ਨਾਲ ਫੈਲਣ ਵਾਲੇ ਰੋਗਾਂ ਦੀ ਰੋਕਥਾਮ, ਕੋਟਪਾ ਐਕਟ ਦੀ ਸਖਤੀ ਨਾਲ ਪਾਲਣਾਂ, ਨੈਸ਼ਨਲ ਬਲਾਈਂਡਨੈਸ ਕੰਟਰੋਲ ਪ੍ਰੋਗਰਾਮ, ਦੰਦਾਂ ਦੀ ਦੇਖਭਾਲ ਲਈ ਉਰਲ ਹੈਲਥ ਵੀਕ, ਆਮ ਆਦਮੀਂ ਕਲੀਨਿਕਾਂ ਵਿਚ ਸੇਵਾਵਾਂ, ਆਯੂਸ਼ਮਾਨ ਭਾਰਤ ਬੀਮਾਂ ਯੋਜਨਾਂ, ਓਟ ਕਲੀਨਿਕ, ਖ਼ੂਨ ਦਾਨ ਕੈਂਪ, ਸਾਰੇ ਕੌਮੀ ਸਿਹਤ ਪ੍ਰੋਗਰਾਮ, ਵੱਖ-ਵੱਖ ਪ੍ਰੋਗਰਾਮਾਂ ਸੰਬਧੀ ਜਾਗਰੂਕਤਾ ਕੈਂਪ, ਆਦੀ ਪ੍ਰਦਾਨ ਕੀਤੀਆਂ ਜਾ ਸਕਣ। ਇਸਤੋਂ ਇਲਾਵਾ ਯੂ-ਵਿਨ ਪੋਰਟਲ ਐਂਟਰੀ, ਆਭਾ-ਆਈ.ਡੀ. ਅਤੇ ਸਾਰੀਆਂ ਆਨਲਾਈਨ ਐਂਟਰੀਆਂ ਸਮੇਂ ਤੇ ਕਰਨ ਲਈ ਹਿਦਾਇਤਾਂ ਜਾਰੀ ਕੀਤੀਆਂ। ਇਸਦੇ ਨਾਲ ਹੀ ਉਹਨਾਂ ਵਲੋਂ ਜਿਲੇ ਭਰ ਦੀ ਕਾਰਗੁਜਾਰੀ ਰਿਪੋਰਟ ਦੀ ਸਮੀਖਿਆ ਕੀਤੀ ਅਤੇ ਸਮੂਹ ਅਧਿਕਾਰੀਆਂ ਨੂੰ ਆਪਣੇ ਟੀਚੇ 100 ਪ੍ਰਤੀਸ਼ਤ ਪੂਰੇ ਕਰਨ ਲਈ ਕਿਹਾ। ਇਸ ਮੋਕੇ ਤੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਸਿਹਤ ਅਫਸਰ ਡਾ ਜਸਪਾਲ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ ਗੁਰਮੀਤ ਕੌਰ, ਜਿਲ ਦੇ ਸਮੂਹ ਸੀਨੀਅਰ ਮੈਡੀਕਲ ਅਫਸਰ, ਜਿਲਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ, ਜਿਲਾ ਟੀ.ਬੀ.ਅਫਸਰ ਡਾ ਵਿਜੇ ਗੋਤਵਾਲ, ਆਰ.ਬੀ.ਐਸ.ਕੇ. ਨੋਡਲ ਅਫਸਰ ਡਾ ਸੁਨੀਤ ਗੁਰਮ ਗੁਪਤਾ, ਡਬਯੂ.ਐਚ.ਓ. ਵਲੋਂ ਡਾ ਇਸ਼ਿਤਾ,ਡਾ ਪਰਿਤੋਸ਼ ਧਵਨ, ਜਿਲਾ ਐਮ.ਈ.ਆਈ.ਉ. ਅਮਰਦੀਪ ਸਿੰਘ, ਡੀ.ਪੀ.ਐਮ. ਸੁਖਜਿੰਦਰ ਸਿੰਘ ਅਤੇ ਜਿਲਾ ਅਕਾਂਓਂਟ ਅਫਸਰ ਮਲਵਿੰਦਰ ਸਿੰਘ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਦੂਸ਼ਿਤ ਹੁੰਦਾ ਹੈ ਖੇਤੀਬਾੜੀ ਅਫਸਰ ਡਾ. ਰਾਜ ਕੁਮਾਰ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਡਾ. ਰਜਿੰਦਰ ਕੰਬੋਜ਼ ਮੁੱਖ ਖੇਤੀਬਾੜੀ ਅਫਸਰ ਸ਼ਹੀਦ ਭਗਤ ਸਿੰਘ ਨਗਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਃ ਰਾਜ ਕੁਮਾਰ ਬਲਾਕ ਖੇਤੀਬਾੜੀ ਅਫਸਰ, ਨਵਾਂਸ਼ਹਿਰ ਦੀ ਪ੍ਰਧਾਨਗੀ ਹੇਠ ਕਰਾਪ ਰੈਜ਼ੀਡਿਊ ਮੈਨੇਜਮੈਂਟ ਸਕੀਮ ਅਧੀਨ ਪਿੰਡ ਕਰਿਆਮ ਵਿਖੇ ਬਲਾਕ ਪੱਧਰ ਦਾ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ ਡਾ. ਰਾਜ ਕੁਮਾਰ ਖੇਤੀਬਾੜੀ ਅਫਸਰ ਨਵਾਂਸ਼ਹਿਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਜਮੀਨ ਵਿੱਚ ਵਾਹ ਕੇ ਕਣਕ ਦੀ ਫਸਲ ਦੀ ਬਿਜਾਈ ਕਰਨ ਲਈ ਦੱਸਿਆ ਅਤੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਤਾਂ ਜੋ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ, ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵਧਾਇਆ ਜਾਵੇ, ਜਮੀਨ ਵਿੱਚਲੇ ਮਿੱਤਰ ਕੀੜਿਆਂ ਨੂੰ ਬਚਾਇਆ ਕਾ ਸਕੇ। ਧੂੰਏਂ ਤੋਂ ਪੈਦਾ ਹੋ ਰਹੀਆਂ ਜਹਿਰੀਲੀਆਂ ਗੈਸਾਂ ਤੋਂ ਮਨੁੱਖੀ ਜੀਵਨ ਨੂੰ ਬਚਾਇਆ ਜਾ ਸਕੇ। ਉਹਨਾਂ ਦੱਸਿਆ ਕਿ ਬਲਾਕ ਨਵਾਂਸ਼ਹਿਰ ਵਿੱਚ 34 ਬੇਲਰ ਮਸ਼ੀਨਾਂ, 243 ਸੁਪਰ ਸੀਡਰ ਅਤੇ 24 ਸਰਫੇਸ ਸੀਡਰ ਕਿਸਾਨਾਂ/ਕਿਸਾਨ ਗਰੁੱਪਾ ਕੋਲ ਮੌਜੂਦ ਹਨ। ਜਿਸ ਨਾਲ ਸਾਰੇ ਬਲਾਕ ਪਰਾਲੀ ਨੂੰ ਸਾਂਭਿਆ ਜਾ ਸਕਦਾ ਹੈ।ਉਹਨਾਂ ਦੱਸਿਆ ਕਿ ਸੁਪਰਸੀਡਰ ਅਤੇ ਸਰਫੇਸ ਸੀਡਰ ਮਸ਼ੀਨ ਨਾਲ ਬਿਨਾਂ ਅੱਗ ਲਗਾਏ, ਝੋਨੇ ਦੀ ਪਰਾਲੀ ਨੂੰ ਵਿੱਚ ਰਲਾ ਕੇ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ ਅਤੇ ਪਿਛਲੇ ਸਾਲ ਇਸ ਦੇ ਵਧੀਆ ਰਿਜਲਟ ਪ੍ਰਾਪਤ ਹੋਏ ਹਨ।ਇਸ ਤੋਂ ਇਲਾਵਾ ਉਹਨਾਂ ਗੰਨੇ ਦੀ ਫਸਲ ਹੇਠ ਵੱਧ ਤੋਂ ਵੱਧ ਰਕਬਾ ਲਿਆਉਣ ਲਈ ਵੀ ਕਿਸਾਨਾਂ ਨੂੰ ਗੰਨੇ ਦੀ ਫਸਲ ਬਾਰੇ ਜਾਣਕਾਰੀ ਦਿੱਤੀ ਗਈ।ਡਾ. ਕੁਲਦੀਪ ਸਿੰਘ ਏ.ਡੀ.ਓ ਵੱਲੋਂ ਕਿਸਾਨਾਂ ਨੂੰ ਖੇਤੀ ਇੰਨਪੁਟਸ ਜਿਵੇਂ ਕਿ ਬੀਜ, ਕੀੜੇਮਾਰ ਦਵਾਈਆਂ ਅਤੇ ਖਾਦਾਂ ਦੀ ਖਰੀਦ ਸਮੇਂ ਬਿੱਲ ਲੈਣ ਲਈ ਵੀ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਝੋਨੇ/ਬਾਸਮਤੀ ਅਤੇ ਮੱਕੀ ਦੀ ਫਸਲ ਨੂੰ ਲੱਗਣ ਵਾਲੇ ਕੀੜੇ ਮਕੌੜੇ ਅਤੇ ਬਿਮਾਰੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਪਰਮਵੀਰ ਕੌਰ ਡੀ.ਪੀ.ਡੀ. ਆਤਮਾ ਨੇ ਆਤਮਾ ਸਕੀਮ ਅਧੀਨ ਘਰੇਲੂ



ਬਗੀਚੀ ਅਤੇ ਸੈਲਫ ਹੈਲਪ ਗਰੁੱਪਾਂ ਬਾਰੇ ਅਤੇ ਮਿੱਟੀ ਪਰਖ ਕਰਨ ਬਾਰੇ ਕਿਸਾਨਾਂ ਨਾਲ ਵਿਚਾਰ ਸਾਂਝੇ ਕੀਤੇ।ਇਸ ਸਿਖਲਾਈ ਕੈਂਪ ਵਿੱਚ ਸ੍ਰੀ ਸਰਬਜੀਤ ਸਿੰਘ ਖੇਤੀ ਉਪ ਨਿਰੀਖਕ, ਕੁਲਜਿੰਦਰ ਕੁਮਾਰ ਅਤੇ ਜਸਵਿੰਦਰ ਕੌਰ ਏ.ਟੀ.ਐਮ, ਰਾਮ ਲੁਭਾਇਆ ਅਤੇ ਕ੍ਰਿਸ਼ਨਾ ਦੇਵੀ ਸੇਵਾਦਾਰ ਤੋਂ ਇਲਾਵਾ ਦੋਨਾਂ ਕੈਂਪਾਂ ਵਿੱਚ 80 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ।

ਰੋਜ਼ਾਨਾ ਲੋਕ ਬਾਣੀ www.lokbani

# ਆਮ ਚੋਣਾਂ ਲਈ ਯੋਗਤਾ ਮਿਤੀ 1-1-2025 ਦੇ ਆਧਾਰ ਤੇ ਪੋਲਿੰਗ ਸਟੇਸ਼ਨਾਂ ਦਾ ਕੀਤਾ ਪੁਨਰਗਠਨ

ਅੰਮ੍ਰਿਤਸਰ(ਲੋਕ ਬਾਣੀ) ਵਧੀਕ ਜਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਜੋਤੀ ਬਾਲਾ ਵਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦੇ ਹੋਏ ਦੱਸਿਆ ਕਿ ਆਮ ਚੋਣਾਂ ਲਈ ਯੋਗਤਾ ਮਿਤੀ 1-1-2025 ਦੇ ਆਧਾਰ ਤੇ ਪੋਲਿੰਗ ਸਟੇਸ਼ਨਾਂ ਦਾ ਪੁਨਰਗਠਨ ਕੀਤਾ ਗਿਆ ਹੈ। ਜਿਸ ਅਨੁਸਾਰ ਜਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ ਵੱਧ ਕੇ 2150 ਹੋ ਗਈ ਹੈ। ਉਨਾਂ ਦੱਸਿਆ ਕਿ ਜਿਲ੍ਹੇ ਵਿੱਚ ਪਹਿਲਾਂ 2134 ਪੋਲਿੰਗ ਸਟੇਸ਼ਨ ਸਨ।

ਉਨਾਂ ਮੀਟਿੰਗ ਕਰਦਿਆਂ ਦੱਸਿਆ ਕਿ ਵਿਧਾਨਸਭਾ ਹਲਕਾ 11-ਅਜਨਾਲਾ ਵਿੱਚ 188 ਪੋਲਿੰਗ ਸਟੇਸ਼ਨ, 12-ਰਾਜਾਸਾਂਸੀ ਵਿੱਚ 222, 13-ਮਜੀਠਾ ਵਿੱਚ 203, 14-ਜੰਡਿਆਲਾ (ਅ.ਜ) ਵਿੱਚ 216, 15- ਅੰਮ੍ਰਿਤਸਰ ਉੱਤਰੀ ਵਿੱਚ 204, 16- ਅੰਮ੍ਰਿਤਸਰ ਪੱਛਮੀ (ਅ.ਜ) ਵਿੱਚ 208, 17- ਅੰਮ੍ਰਿਤਸਰ ਕੇਂਦਰੀ ਵਿੱਚ 138, 18- ਅੰਮ੍ਰਿਤਸਰ ਪੂਰਬੀ ਵਿੱਚ 170, 19- ਅੰਮ੍ਰਿਤਸਰ ਦੱਖਣੀ ਵਿੱਚ 169, 20-ਅਟਾਰੀ (ਅ.ਜ) ਵਿੱਚ 198 ਅਤੇ 25-ਬਾਬਾ ਬਕਾਲਾ (ਅ.ਜ) ਵਿੱਚ 234 ਪੋਲਿੰਗ ਸਟੇਸ਼ਨ ਬਣਾਏ ਗਏ ਹਨ।

ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਕੁੱਝ ਪੋਲਿੰਗ ਸਟੇਸ਼ਨਾਂ ਵਿਚ ਵੀ ਬਦਲਾਅ ਕੀਤਾ ਗਿਆ ਹੈ। ਉਨਾਂ ਦੱਸਿਆ ਕਿ 11-ਅਜਨਾਲੇ ਦੇ 4, 12-ਰਾਜਾਸਾਂਸੀ ਦੇ 1, 13-ਮਜੀਠਾ ਦੇ 42, 14-ਜੰਡਿਆਲਾ (ਅ.ਜ) ਦੇ 5, 15- ਅੰਮ੍ਰਿਤਸਰ ਉੱਤਰੀ ਦੇ 8, 16- ਅੰਮ੍ਰਿਤਸਰ ਪੱਛਮੀ (ਅ.ਜ) ਦੇ 1, 17- ਅੰਮ੍ਰਿਤਸਰ ਕੇਂਦਰੀ ਦੇ 1, 18- ਅੰਮ੍ਰਿਤਸਰ ਪੂਰਬੀ ਦੇ 15, 19- ਅੰਮ੍ਰਿਤਸਰ ਦੱਖਣੀ ਦੇ 6, 20-ਅਟਾਰੀ (ਅ.ਜ) ਦੇ 3 ਅਤੇ 25-ਬਾਬਾ ਬਕਾਲਾ (ਅ.ਜ) ਦੇ 4 ਪੋਲਿੰਗ ਸਟੇਸ਼ਨਾਂ ਦੇ ਬਿਲਡਿੰਗ ਦੇ ਨਾਮ ਅਤੇ ਬਿਲਡਿੰਗ ਵਿੱਚ ਤਬਦੀਲੀ ਵੀ ਕੀਤੀ ਗਈ ਹੈ।

ਉਨਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਇਸ ਸਬੰਧ ਵਿੱਚ ਆਪਣੇ ਬੂਥ ਲੈਵਲ ਏਜੰਟਾਂ ਨੂੰ ਹਲਕਾ ਵਾਈਜ਼ ਸੂਚੀਆਂ ਮੁਹੱਈਆ ਕਰਵਾਉਣ ਅਤੇ ਉਨਾਂ ਦੇ ਧਿਆਨ ਵਿੱਚ ਇਹ ਲਿਆਂਦਾ ਜਾਵੇ




ਕਿ ਕੁੱਝ ਪੋਲਿੰਗ ਸਟੇਸ਼ਨਾਂ ਨੂੰ ਬਦਲਿਆ ਗਿਆ ਹੈ। ਇਸ ਮੀਟਿੰਗ ਵਿੱਚ ਵਧੀਕ ਕਮਿਸ਼ਨਰ ਨਿਕਾਸ ਕੁਮਾਰ, ਸਹਾਇਕ ਕਮਿਸ਼ਨਰ ਮੈਡਮ ਗੁਰਸਿਮਰਨ ਕੌਰ, ਐਸ.ਡੀ.ਐਮ. ਅੰਮ੍ਰਿਤਸਰ ਮਨਕੰਵਲ ਸਿੰਘ ਚਾਹਲ,ਆਰਟੀਏ ਅਰਸ਼ਦੀਪ ਸਿੰਘ, ਐਸ.ਡੀ.ਐਮ. ਬਾਬਾ ਬਕਾਲਾ ਰਵਿੰਦਰ ਸਿੰਘ ਅਰੋੜਾ, ਐਸ.ਡੀ.ਐਮ.-1 ਲਾਲ ਵਿਸ਼ਵਾਸ਼, ਚੋਣ ਤਹਿਸੀਲਦਾਰ ਇੰਦਰਜੀਤ ਸਿੰਘ, ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਮੂਸਾਪੁਰ ਵਿਖੇ ਚੜਦੀ ਕਲਾ ਨਾਲ ਕਰਵਾਇਆ ਗਿਆ ਅੱਠਵਾਂ ਗੁਰਮਿਤ ਸਮਾਗਮ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂ ਸ਼ਹਿਰ ਵੱਲੋਂ ਚਾਰ ਪੰਜ ਅਤੇ ਛੇ ਨਵੰਬਰ ਨੂੰ ਕਰਵਾਏ ਜਾ ਰਹੇ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ 24 ਗੁਰਮਤਿ ਸਮਾਗਮਾਂ ਦੀ ਲੜੀ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਸ਼ਰਧਾ ਪ੍ਰੇਮ ਅਤੇ ਉਤਸ਼ਾਹ ਨਾਲ ਚਲਾਈ ਜਾ ਰਹੀ ਹੈ। ਇਸ ਲੜੀ ਦੌਰਾਨ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਤੋਂ ਇਲਾਵਾ ਇਲਾਕੇ ਦੀਆਂ ਦੀਆਂ ਸੰਗਤਾਂ ਨੂੰ ਮਹਾਨ ਕੀਰਤਨ ਦਰਬਾਰ ਵਿੱਚ ਹਾਜ਼ਰੀਆਂ ਭਰਨ ਲਈ ਲਈ ਪ੍ਰੇਰਿਤ ਕੀਤਾ । ਇਸੇ ਲੜ੍ਹੀ ਤਹਿਤ ਗੁਰਦੂਆਰਾ ਨਾਥ ਜੀ ਪਿੰਡ ਮੂਸਾਪੁਰ ਵਿਖੇ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਦੇਸ਼ਸਹਿਯੋਗ ਨਾਲ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਅੱਠਵਾਂ ਗੁਰਮਤਿ ਸਮਾਗਮ ਬੜੀ ਚੜ੍ਹਦੀ ਕਲ੍ਹਾ ਨਾਲ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਨ ਹਾਜ਼ਰੀ ਭਰੀ । ਸਮਾਗਮ ਦੀ ਅਰੰਭਤਾ ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ। ਉਸ ਤੋਂ ਬਾਅਦ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਦਾ ਪ੍ਰਵਾਹ ਚੱਲਿਆ ਜਿਸ ਵਿਚ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਭਾਈ ਓਕਾਰ ਸਿੰਘ ਦੇ ਜਥੇ ਨੇ ਅੰਮ੍ਰਿਤਮਈ ਬਾਣੀ ਦਾ ਰਸਭਿੰਨਾ ਕੀਰਤਨ ਸੰਗਤਾਂ ਨੂੰ ਸਰਵਣ ਕਰਵਾ ਕੇ ਨਿਹਾਲ ਕੀਤਾ। ਉਪਰੰਤ ਪੰਥ ਪ੍ਰਸਿੱਧ ਕਥਾ ਵਾਚਕ ਗਿਆਨੀ ਸਰਬਜੀਤ ਸਿੰਘ ਲੁਧਿਆਣਾ ਵਾਲਿਆਂ ਨੇ ਸ੍ਰੀ ਗੁਰੂ ਨਾਨਕ ਜੀ ਦੇ ਇਤਿਹਾਸ ਅਤੇ ਓਨਾਂ ਵਲੋਂ ਬਖਸ਼ੇ ਗਏ ਉਪਦੇਸ਼ਾਂ ਬਾਰੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਉਨਾਂ ਨੇ ਕਿਹਾ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਗੁਰੂ ਨਾਨਕ ਸਾਹਿਬ ਜੀ ਵੱਲੋਂ ਬਖਸ਼ੇ ਗਏ ਉਪਦੇਸ਼ ਤੇ ਚੱਲਣ ਲਈ ਪਿੰਡ ਪਿੰਡ ਵਿੱਚ ਗੁਰਮਤਿ ਸਮਾਗਮ ਕਰਵਾ ਕੇ ਘਰ-ਘਰ ਅੰਦਰ ਧਰਮਸਾਲ ਦੇ ਉਪਦੇਸ਼ ਤਹਿਤ ਸੰਗਤਾਂ ਨੂੰ ਅਕਾਲ ਪੁਰਖ ਨਾਲ ਜੋੜਣ ਦਾ ਬਹੁਤ ਵਧੀਆ ਉਪਰਾਲਾ ਕਰ ਰਹੀ ਹੈ। ਸਟੇਜ ਸਕੱਤਰ ਦੀ ਸੇਵਾ ਗਿਆਨੀ ਤਰਲੋਚਨ ਸਿੰਘ ਖਟਕੜ ਕਲਾਂ ਵਾਲਿਆਂ ਨੇ ਨਿਭਾਈ। ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਮੂਸਾਪੁਰ ਪਿੰਡ ਦੀਆਂ ਸਮੁੱਚੀਆਂ ਗੁਰਦੂਆਰਾ ਪ੍ਰਬੰਧਕ ਕਮੇਟੀਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਉਨਾਂ ਨੇ ਇਲਾਕੇ ਦੀ ਸੰਗਤਾਂ ਨੂੰ ਆਉਣ ਵਾਲੇ ਸਮਾਗਮਾਂ ਵਿੱਚ ਹਾਜ਼ਰੀ ਭਰਨ ਲਈ ਬੇਨਤੀ ਕੀਤੀ। ਗੁਰਮਤਿ ਸਮਾਗਮਾਂ ਦੇ ਸਰਪ੍ਰਸਤ ਜਥੇਦਾਰ ਬਰਜਿੰਦਰ ਸਿੰਘ ਹੁਸੈਨਪੁਰ, ਉੱਤਮ ਸਿੰਘ ਸੇਠੀ ਅਤੇ ਦੀਦਾਰ ਸਿੰਘ ਵਲੋਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਸਮਾਪਤੀ ਉਪਰੰਤ ਸੰਗਤਾਂ



ਨੂੰ ਅਤੁਟੱ ਲੰਗਰ ਵਰਤਾਏ ਗਏ। ਇਸ ਮੌਕੇ ਗੁਰਦੂਆਰਾ ਕਮੇਟੀਆਂ ਵੱਲੋਂ ਸੂਬੇਦਾਰ ਤਰਸੇਮ ਸਿੰਘ, ਬਲਵੀਰ ਸਿੰਘ ਸੁਮਨ, ਪਰਮਜੀਤ ਸਿੰਘ, ਗੁਰਨੇਕ ਸਿੰਘ, ਤਰਸੇਮ ਸਿੰਘ ਢਾਡੀ, ਮੋਹਨ ਸਿੰਘ, ਰਛਪਾਲ ਸਿੰਘ, ਚਰਨਜੀਤ ਸਿੰਘ, ਬਖਸ਼ੀਸ਼ ਸਿੰਘ, ਰਾਮਪਾਲ ਰਾਏ, ਬਲਵੀਰ ਸਿੰਘ, ਪ੍ਰਤਿਪਾਲ ਸਿੰਘ, ਗੁਰਦੇਵ ਸਿੰਘ ਸੋਢੀ, ਕੇਦਾਰਨਾਥ, ਸੁਖਦੇਵ ਸਿੰਘ, ਗੁਰਵਿੰਦਰ ਸਿੰਘ ਰਮੇਸ਼ ਸਿੰਘ, ਸਰਵਣ ਸਿੰਘ ਹੈਡ ਗ੍ਰੰਥੀ, ਡਾਕਟਰ ਅਮਰਜੀਤ ਸਿੰਘ, ਅਮਨਪ੍ਰੀਤ ਸਿੰਘ, ਕਰਨਦੀਪ ਸਿੰਘ, ਅਮਨਦੀਪ ਸਿੰਘ ਕੰਦੋਲਾ ਵਿਨੀਤ ਜੋਸ਼ੀ, ਕੁਲਬੀਰ ਸਿੰਘ ਸਰਪੰਚ, ਅਤੇ ਹਰਕੇਵਲ ਸਿੰਘ (ਸਾਰੇ ਗੁਰਦੁਆਰਾ ਕਮੇਟੀ ਮੈਂਬਰ) ਮੌਜੂਦ ਸਨ। ਉਨ੍ਹਾਂ ਤੋਂ ਇਲਾਵਾ ਜਗਜੀਤ ਸਿੰਘ ਸੈਣੀ, ਪਰਮਿੰਦਰ ਸਿੰਘ ਕੰਵਲ, ਕਮਲਜੀਤ ਸਿੰਘ ਸੈਣੀ, ਜੋਗਿੰਦਰ ਸਿੰਘ ਮਹਾਲੋਂ, ਰਮਣੀਕ ਸਿੰਘ, ਗੁਰਦੇਵ ਸਿੰਘ ਗਹੂੰਣ, ਜੋਗਾ ਸਿੰਘ ਐਸ ਡੀ ਓ, ਪਲਵਿੰਦਰ ਸਿੰਘ ਕਰਿਆਮ, ਤਰਲੋਚਨ ਸਿੰਘ ਰਾਹੋਂ, ਦਿਲਬਾਗ ਸਿੰਘ ਰਾਹੋਂ, ਕੁਲਜੀਤ ਸਿੰਘ ਖਾਲਸਾ, ਜਗਜੀਤ ਸਿੰਘ ਗਰਚਾ, ਅਵਤਾਰ ਸਿੰਘ ਗਰਚਾ, ਗਿਆਨ ਸਿੰਘ, ਗੁਰਮੀਤ ਸਿੰਘ ਲੋਧੀਪੁਰ, ਜਸਕਰਨ ਸਿੰਘ ਹੰਸਰੋਂ, ਗਿਆਨ ਸਿੰਘ, ਰਛਪਾਲ ਸਿੰਘ ਜੱਬੋਵਾਲ, ਜਸਵਿੰਦਰ ਸਿੰਘ ਸੈਣੀ, ਦਲਜੀਤ ਸਿੰਘ ਕਰੀਹਾ, ਇੰਦਰਜੀਤ ਸਿੰਘ ਬਾਹੜਾ, ਨਵਦੀਪ ਸਿੰਘ, ਦਲਜੀਤ ਸਿੰਘ ਬਡਵਾਲ, ਦਰਸ਼ਨ ਸਿੰਘ ਸੈਣੀ, ਬਖਸ਼ੀਸ਼ ਸਿੰਘ, ਗੁਰਚਰਨ ਸਿੰਘ ਪਾਬਲਾ, ਕਮਲਜੀਤ ਸਿੰਘ ਵਜੀਦਪੁਰ, ਮਹਿੰਦਰ ਪਾਲ ਚੰਦਰ, ਮਨਮੋਹਨ ਸਿੰਘ, ਮਨਜੀਤ ਸਿੰਘ ਮਹਿਤਪੁਰ ਅਤੇ ਕੁਲਵਿੰਦਰ ਸਿੰਘ ਕਰਿਆਮ ਸਿੰਘ ਵੀ ਸ਼ਾਮਲ ਸਨ ।

ਰੋਜ਼ਾਨਾ ਲੋਕ ਬਾਣੀ www.lokbani

# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਚ ਡਾ. ਸਰਲਾ ਨਿਰੰਕਾਰੀ ਨੇ ਸੰਭਾਲਿਆ ਬਤੌਰ ਪ੍ਰਿੰਸੀਪਲ ਅਹੁਦਾ



ਦੀਨਾਨਗਰ : (ਡਾ.ਰਮੇਸ਼ ਸਰੰਗਲ ) ਸਥਾਨਕ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਵਿੱਚ ਅੱਜ ਡਾ: ਸਰਲਾ ਨਿਰੰਕਾਰੀ ਨੇ ਕਾਲਜ ਦੇ ਨਵੇਂ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ । ਡਾ: ਨਿਰੰਕਾਰੀ ਇਸ ਸਮੇਂ ਬਾਬਾ ਭਾਗ ਸਿੰਘ ਯੂਨੀਵਰਸਿਟੀ, ਜਲੰਧਰ ਵਿੱਚ ਡਿਪਾਰਟਮੈਂਟ ਆਫ ਐਜੂਕੇਸ਼ਨ ਅਤੇ ਹਿਊਮੈਨੇਟੀਜ਼ ਵਿੱਚ ਪ੍ਰੋਫੈਸਰ ਵਜੋਂ ਭੂਮਿਕਾ ਪਿਛਲੇ 14 ਸਾਲਾਂ ਤੋਂ ਬਾਖ਼ੂਬੀ ਨਿਭਾ ਰਹੇ ਸਨ। ਇਸ ਸੰਸਥਾ ਵਿੱਚ ਉਨ੍ਹਾਂ ਦੀ ਨਿਯੁਕਤੀ ਸਮੇਂ ਕਾਲਜ ਮੈਨੇਜਿੰਗ ਕਮੇਟੀ ਦੇ ਪ੍ਰੈਜ਼ੀਡੈਂਟ ਸਵਾਮੀ ਸਦਾਨੰਦ ਜੀ ਸਰਸਵਤੀ, ਕਾਲਜ ਸੈਕਟਰੀ ਸ਼੍ਰੀ ਧਰਮ ਇੰਦੂ ਗੁਪਤਾ, ਪ੍ਰਿੰਸੀਪਲ ਨਿਰਮਲ ਪਾਂਧੀ, ਸ਼੍ਰੀ ਮਤੀ ਨਮਿਤਾ ਗੁਪਤਾ ( ਮੈਂਬਰ ਕਾਲਜ ਮੈਨੇਜਿੰਗ ਕਮੇਟੀ) ਬਾਬਾ ਪਰਵੀਨ ਜੀ ਵੱਲੋਂ ਉਨ੍ਹਾਂ ਨੂੰ ਅਸ਼ੀਰਵਾਦ ਦਿੱਤਾ ਗਿਆ ਅਤੇ ਇਹ ਉਮੀਦ ਵੀ ਜਗਾਈ ਕਿ ਮੈਡਮ ਨਿਰੰਕਾਰੀ ਜੇ ਦੇ ਮਾਰਗਦਰਸ਼ਨ ਵਿੱਚ ਕਾਲਜ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹਵੇਗਾ। ਇਸ ਮੌਕੇ ਸ਼੍ਰੀ ਅਮਰਜੀਤ ਸੰਤ ਨਿਰੰਕਾਰੀ ਸੰਯੋਜਕ ਨਿਰੰਕਾਰੀ ਮਿਸ਼ਨ ਦੀਨਾਨਗਰ,ਸ਼੍ਰੀ ਵਿਜੈ ਕੁਮਾਰ ਅਤੇ ਸ਼੍ਰੀ ਬਲਵੰਤ ਸਿੰਘ ਨੇ ਵੀ ਅਹੁਦਾ ਸੰਭਾਲਣ ਮੌਕੇ ਪ੍ਰਿੰ: ਡਾ: ਸਰਲਾ ਨਿਰੰਕਾਰੀ ਜੀ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਪ੍ਰਿੰ: ਡਾ: ਨਿਰੰਕਾਰੀ ਨੇ ਕਿਹਾ ਕਿ ਮੈਂ ਸਾਰਿਆਂ ਨਾਲ ਮਿਲਕੇ ਇਸ ਸੰਸਥਾ ਦੀ ਹਰ ਪੱਖੋਂ ਤਰੱਕੀ ਲਈ ਯਤਨਸ਼ੀਲ ਰਹਾਂਗੀ । ਉਨ੍ਹਾਂ ਨੇ ਇਸ ਮੌਕੇ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਚੱਲ ਰਹੇ ਅਕਾਦਮਿਕ, ਖੋਜ, ਖੇਡ ਅਤੇ ਸਭਿਆਚਾਰਕ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕਰਕੇ ਪ੍ਰਸੰਨਤਾ ਵਿਅਕਤ ਕੀਤੀ । ਇਸ ਮੌਕੇ ਕਾਲਜ ਮੈਨੇਜਿੰਗ ਕਮੇਟੀ, ਪ੍ਰਿੰਸੀਪਲ ਸੁਸ਼ਮਾ ਗੁਪਤਾ ਅਤੇ ਸਮੂਹ ਸਟਾਫ ਵੱਲੋਂ ਉਹਨਾਂ ਨੂੰ ਦਿਲੀ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

# ਦ਼ਫਤਰ ਜ਼ਿਲ੍ਹਾ ਸਿੱਖਿਆ ਅ਼ਫਸਰ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਪੱਧਰੀ ਕਲਾ ਉਤਸਵ ਮੁਕਾਬਲੇ 2024-25 ਕਰਵਾਏ ਗਏ




ਸ੍ਰੀ ਮੁਕਤਸਰ ਸਾਹਿਬ(ਲੋਕ ਬਾਣੀ)- ਜਸਵਿੰਦਰ ਪਾਲ ਸ਼ਰਮਾ - ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਮਾਨਯੋਗ ਜ਼ਿਲ੍ਹਾ ਸਿੱਖਿਆ ਅਫਸਰ ਸ਼੍ਰੀ ਜਸਪਾਲ ਮੋਂਗਾ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਸ਼੍ਰੀ ਰਾਜਿੰਦਰ ਸੋਨੀ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸ਼੍ਰੀ ਅਜੇ ਸ਼ਰਮਾ, ਸਿੱਖਿਆ ਕਲਾ ਉਤਸਵ ਨੋਡਲ ਅਫਸਰ ਸ੍ਰੀ ਇਕਬਾਲ ਸਿੰਘ ਅਤੇ ਸ੍ਰੀ ਗੁਰਮੇਲ ਸਿੰਘ ਸਾਗੂ ਜੀ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਕਲਾ ਉਤਸਵ ਮੁਕਾਬਲੇ 2024-25 ਕਰਵਾਏ ਗਏ।

ਇਹਨਾਂ ਮੁਕਾਬਲਿਆਂ ਦੇ ਪ੍ਰਬੰਧਕ ਸ਼੍ਰੀ ਪ੍ਰਵੀਨ ਸ਼ਰਮਾ, ਸ਼੍ਰੀ ਤਜਿੰਦਰ ਸਿੰਘ, ਸ਼੍ਰੀ ਧੀਰਜ ਕੁਮਾਰ ਅਤੇ ਸ਼੍ਰੀ ਦੀਪਕ ਅਰੋੜਾ ਰਹੇ । ਇਹਨਾਂ ਮੁਕਾਬਲਿਆਂ ਵਿੱਚ ਬੀ.ਆਰ.ਸੀ ਹਾਲ ਵਿਖੇ ਸੋਲੋ ਇੰਸਟਰੂਮੈਂਟਲ ਮਿਊਜ਼ਿਕ ਮੁਕਾਬਲੇ ਕਰਵਾਏ ਗਏ। ਫੋਕ ਡਾਂਸ ਮੁਕਾਬਲੇ ਬਾਬਾ ਨਿਹਾਲ ਸਿੰਘ ਬੀਐਡ ਕਾਲਜ ਵਿਖੇ ਹੋਏ। ਟ੍ਰੈਡੀਸ਼ਨਸਲ ਸਟੋਰੀ ਟੈਲਿੰਗ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਸ੍ਰੀ ਮੁਕਤਸਰ ਸਾਹਿਬ ਵਿਖੇ ਹੋਏ ।

ਹੋਰ ਜਾਣਕਾਰੀ ਦਿੰਦੇ ਹੋਏ ਜਸਵਿੰਦਰ ਪਾਲ ਸ਼ਰਮਾ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਨੋਡਲ ਅਫਸਰਾਂ ਦੀ ਭੂਮਿਕਾ ਸ਼੍ਰੀ ਅਤੁੱਲ ਕੁਮਾਰ, ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਸੁਰੇਵਾਲਾ, ਸ਼੍ਰੀ ਪ੍ਰਦੀਪ ਮਿੱਤਲ, ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਪਾਰਕ (ਮੁਕਤਸਰ), ਸ੍ਰੀਮਤੀ ਡਿੰਪਲ ਵਰਮਾ ਮੁੱਖ ਅਧਿਆਪਿਕਾ ਸਰਕਾਰੀ ਹਾਈ ਸਕੂਲ ਕਰਮਗੜ੍ਹ, ਸ਼੍ਰੀ ਪ੍ਰੀਤਮ ਸਿੰਘ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਬੂੜਾ ਗੁਜਰ ਅਤੇ ਸ਼੍ਰੀ ਹਰਦੀਪ ਕੁਮਾਰ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਭੰਗੇਵਾਲਾ ਵੱਲੋਂ ਨਿਭਾਈ ਗਈ। ਇਸ ਮੌਕੇ ਅਸ਼ਵਨੀ ਕੁਮਾਰ ਡੀਐੱਸਐਮ ਵੀ ਉਚੇਚੇ ਤੌਰ ਤੇ ਪਹੁੰਚੇ ।

ਸਟੇਜ ਦੇ ਸੰਚਾਲਨ ਦੀ ਜਿੰਮੇਵਾਰੀ ਸ੍ਰੀਮਤੀ ਜਸਵਿੰਦਰ ਕੌਰ ਪੰਜਾਬੀ ਮਿਸਟ੍ਰੈਸ ਦੁਆਰਾ ਬਾਖੂਬੀ ਨਿਭਾਈ ਗਈ। ਇਹਨਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੇ ਵੱਖ -ਵੱਖ ਸਕੂਲਾਂ ਵਿਚੋਂ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਪਣੀ ਕਲ੍ਹਾ ਦਾ ਪ੍ਰਦਰਸ਼ਨ ਕੀਤਾ ।

# ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਰਮਨਪ੍ਰੀਤ ਸਿੰਘ ਨੇ ਬੈਡਮਿੰਟਨ ਅੰਡਰ-14 ਸਾਲ ਮੁਕਾਬਲਿਆਂ ਵਿੱਚ ਕਾਂਸੀ ਦਾ ਤਗਮਾ ਜਿੱਤਿਆ



ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ) ਪੰਜਾਬ ਸਰਕਾਰ ਦੇ ਆਦੇਸ਼ਾਂ ਮੁਤਾਬਕ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਖੇਡਾਂ ਵਤਨ ਪੰਜਾਬ ਦੀਆਂ ਦੇ ਤਹਿਤ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਸ ਵਿੱਚ ਵੱਖ-ਵੱਖ ਉਮਰ ਵਰਗ ਦੇ ਖਿਡਾਰੀ ਆਪਣੀ ਖੇਡ ਪ੍ਰਤਿਭਾ ਦਾ ਮੁਜ਼ਾਹਰਾ ਕਰ ਰਹੇ ਹਨ। ਇਸੇ ਤਹਿਤ ਸ੍ਰੀ ਅਨੰਦਪੁਰ ਸਾਹਿਬ ਦੇ ਭਾਈ ਨੰਦ ਲਾਲ ਪਬਲਿਕ ਸਕੂਲ ਦੇ ਵਿਦਿਆਰਥੀ ਹਰਮਨਪ੍ਰੀਤ ਸਿੰਘ ਨੇ ਅੰਡਰ-14 ਸਾਲ ਉਮਰ ਵਰਗ ਦੇ ਬੈਡਮਿੰਟਨ ਮੁਕਾਬਲਿਆਂ ਵਿੱਚ ਰੂਪਨਗਰ ਦੇ ਸ਼ਿਵਾਲਿਕ ਕਲੱਬ ਵਿਖੇ ਹਿੱਸਾ ਲਿਆ। ਹਰਮਨਪ੍ਰੀਤ ਸਿੰਘ ਨੇ ਵਧੀਆ ਖੇਡ ਖੇਡਦਿਆਂ ਕਾਂਸੀ ਦਾ ਤਗਮਾ ਜਿੱਤ ਕੇ ਆਪਣੇ ਸਕੂਲ, ਮਾਤਾ ਪਿਤਾ ਅਤੇ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦਾ ਨਾਮ ਰੋਸ਼ਨ ਕੀਤਾ। ਜ਼ਿਕਰਯੋਗ ਹੈ ਕਿ ਹਰਮਨਪ੍ਰੀਤ ਸਿੰਘ ਦੀ ਰਾਜ ਪੱਧਰੀ ਮੁਕਾਬਲਿਆਂ ਲਈ ਵੀ ਚੋਣ ਕੀਤੀ ਗਈ ਹੈ।

# ਪ੍ਰਧਾਨ ਸੁਰਿੰਦਰ ਦੁੱਗਲ ਦੀ ਅਗਵਾਈ ਵਿੱਚ ਪੰਜਾਬ ਦੇ ਕੈਮਿਸਟਾਂ ਦੀਆਂ ਮੁਸ਼ਕਿਲਾਂ ਦੇ ਹੱਲ ਸਬੰਧੀ ਬੈਠਕ ਆਯੋਜਿਤ



ਅੰਮ੍ਰਿਤਸਰ, (ਲੋਕ ਬਾਣੀ)- ਆਲ ਇੰਡੀਆ ਆਰਗਨਾਈਜੇਸ਼ਨ ਆਫ ਕੈਮਿਸਟ ਐਂਡ ਡਰੱਗਿਸਟ ਦੇ ਅਧੀਨ ਆਉਂਦੀ ਪੰਜਾਬ ਕੈਮਿਸਟ ਐਸੋਸੀਏਸ਼ਨ ਦੀ ਬੈਠਕ ਰਾਸ਼ਟਰੀ ਪ੍ਰਧਾਨ ਸੁਰਿੰਦਰ ਦੁੱਗਲ ਦੀ ਦੇਖਰੇਖ ਵਿੱਚ ਕੀਤੀ ਗਈ। ਜਿਸ ਵਿੱਚ ਪੰਜਾਬ ਦੇ 23 ਜਿਲਿਆਂ ਦੇ ਪ੍ਰਧਾਨ,ਜਨਰਲ ਸੈਕਟਰੀ, ਸੈਕਟਰੀ ਸਮੇਤ ਹੋਰਨਾ ਮੈਂਬਰਾਂ ਵੱਲੋਂ ਭਾਗ ਲਿਆ ਗਿਆ। ਜਿਸ ਵਿੱਚ ਕੈਮਿਸਟਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਦਿਸ਼ਾ ਨਿਰਦੇਸ਼ ਦਿੱਤੇ ਗਏ ਕੇ ਗ੍ਰਾਹਕ ਦੀ ਸਹੀ ਪਹਿਚਾਣ ਕਰਦਿਆਂ ਕਿਸੇ ਵੀ ਵਿਅਕਤੀ ਨੂੰ ਨਸ਼ੇ ਵਿੱਚ ਪ੍ਰਯੋਗ ਹੋਣ ਵਾਲੀਆਂ ਦਵਾਈਆਂ ਨਾ ਦਿੱਤੀਆਂ ਜਾਣ। ਅਗਰ ਕੋਈ ਵੀ ਕੈਮਿਸਟ ਅਜਿਹੀ ਗਲਤੀ ਕਰਦਾ ਹੈ ਜਾਂ ਨਸ਼ਾ ਵੇਚਦਾ ਹੈ ਤਾਂ ਉਸ ਦਾ ਐਸੋਸੀਏਸ਼ਨ ਨਾਲ ਕੋਈ ਸਬੰਧ ਨਹੀਂ ਹੋਵੇਗਾ ਅਤੇ ਨਾ ਹੀ ਉਹ ਪੰਜਾਬ ਜਾਂ ਜ਼ਿਲ੍ਹੇ ਨਾਲ ਦੀ ਸਾਡੇ ਨਾਲ ਜੁੜੀ ਹੋਈ ਸੰਸਥਾ ਦਾ ਮੈਂਬਰ ਹੋਵੇਗਾ।

ਲੁਧਿਆਣਾ ਵਿਖੇ ਆਯੋਜਿਤ ਬੈਠਕ ਤੋਂ ਬਾਅਦ ਗੱਲਬਾਤ ਦੇ ਦੌਰਾਨ ਪ੍ਰਧਾਨ ਸੁਰਿੰਦਰ ਦੁੱਗਲ ਅਤੇ ਸੈਕਟਰੀ ਜੀ.ਐਸ ਚਾਵਲਾ ਨੇ ਬੈਠਕ ਦੌਰਾਨ ਦੱਸਿਆ ਕਿ ਪੁਲਿਸ ਵੱਲੋਂ ਦਵਾਈ ਪ੍ਰੀਗਾਬਾਲੀਨ ਤਿੰਨ ਸੌ ਦੇ ਪੰਜਾਬ ਵਿੱਚ ਵੇਚਣ ਦੀ ਪਾਬੰਦੀ ਦੀ ਆੜ ਵਿੱਚ ਦਵਾਈਆਂ ਦੀ ਦੁਕਾਨਾਂ ਦੇ ਪੋਸਟਰ ਲਗਾਉਣ ਅਤੇ ਇਕੱਠੇ ਹੋ ਕੇ ਦੁਕਾਨਾਂ ਤੇ ਜਾਣ ਸਬੰਧੀ ਸਖਤੀ ਵਿੱਚ ਨੋਟਿਸ ਲਿਆ ਗਿਆ ਹੈ। ਉਹਨਾਂ ਨੇ ਕਿਹਾ ਕਿ ਅਗਰ ਪੰਜਾਬ ਵਿੱਚ ਕਿਸੇ ਵੀ ਜਗ੍ਹਾ ਤੇ ਕੋਈ ਵੀ ਮਾੜੀ ਕਾਰਵਾਈ ਕੀਤੀ ਗਈ ਜਾਂ ਕੈਮਿਸਟਾਂ ਨੂੰ ਬਦਨਾਮ ਕੀਤਾ ਗਿਆ ਤਾਂ ਪੰਜਾਬ ਦੇ ਸਾਰੇ ਕੈਮਿਸਟ ਹੜਤਾਲ ਕਰਨ ਲਈ ਮਜਬੂਰ ਹੋ ਜਾਣਗੇ। ਸੁਰਿੰਦਰ ਦੁਗਲ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਅਨੇਕਾਂ ਮੀਟਿੰਗਾਂ ਤੇ ਬੁਲਾ ਕੇ ਚੰਡੀਗੜ੍ਹ ਵਿੱਚ ਦਸੰਬਰ 2021 ਦੀ ਡਰੱਗ ਪਾਲਸੀ ਤੇ ਵਿਚਾਰ ਨਾ ਕਰਨਾ ਅਤੇ ਸਾਰੇ 29 ਹਜ਼ਾਰ ਕੈਮਿਸਟਾਂ ਦਾ ਸ਼ੋਸ਼ਣ ਕਰਨਾ ਨਿੰਦਾ ਯੋਗ ਹੈ ਇਸ ਸਬੰਧੀ ਮੁੱਖ ਮੰਤਰੀ ਪੰਜਾਬ ਅਤੇ ਸਿਹਤ ਮੰਤਰੀ ਨੂੰ ਪੱਤਰ ਲਿਖ ਕੇ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਉਹਨਾਂ ਨੇ ਕਿਹਾ ਕਿ ਕੈਮਿਸਟਾਂ ਨੂੰ ਆਨਲਾਈਨ ਡਰੱਗ ਲਾਇਸੰਸ ਰਿਵਿਊ ਕਰਾਉਣ ਵਿਚ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਨਾ ਕਰਨ ਉੱਪਰ ਵੀ ਗਹਿਰਾਈ ਨਾਲ ਵਿਚਾਰ ਵਟਾਂਦਰੇ ਕੀਤੇ ਗਏ। ਜਿਸ ਦੌਰਾਨ ਡਰੱਗ ਵਿਭਾਗ ਨੂੰ ਸੁਚੇਤ ਕੀਤਾ ਗਿਆ ਕਿ ਇਸ ਦਾ ਵੀ ਜਲਦੀ ਹੱਲ ਕੱਢਿਆ ਜਾਵੇ। ਉਹਨਾਂ ਨੇ ਮੰਗ ਕਰਦੇ ਹੋਏ ਕਿਹਾ ਕਿ ਡਰੱਗ ਕੰਟਰੋਲਰ ਆਫ ਇੰਡੀਆ ਦੇ ਆਦੇਸ਼ਾਂ ਤੇ ਆਨਲਾਈਨ ਦਵਾਈਆਂ ਵੇਚਣ ਵਾਲਿਆਂ ਖ਼ਿਲਾਫ਼ ਪੰਜਾਬ ਵਿੱਚ ਕਾਰਵਾਈ ਕੀਤੀ ਜਾਵੇ।

ਬੈਠਕ ਦੇ ਦੌਰਾਨ ਪੰਜਾਬ ਫਾਰਮੇਸੀ ਕੌਂਸਲ ਦੇ ਆਉਣ ਵਾਲੀਆਂ ਚੋਣਾਂ ਦੇ ਉਮੀਦਵਾਰ ਸੁਰਿੰਦਰ ਸ਼ਰਮਾ,ਸੁਸ਼ੀਲ ਬਾਂਸਲ,ਤਜਿੰਦਰ ਸਿੰਘ ਡਾ.ਠਾਕੁਰ ਗੁਰਪ੍ਰੀਤ,ਰਵੀ ਨੰਦਾ ਅਤੇ ਸੰਜੀਵ ਕੁਮਾਰ ਦੀਆਂ ਵਧੀਆ ਕਾਰਗੁਜ਼ਾਰੀਆਂ ਤੇ ਚਰਚਾ ਕਰਦੇ ਹੋਏ ਉਨਾਂ ਨੂੰ ਜਿਤਾਉਣ ਦੀ ਅਪੀਲ ਵੀ ਕੀਤੀ ਗਈ। ਬੈਠਕ ਦੌਰਾਨ ਅਮਰਦੀਪ ਸਿੰਘ,ਰਾਜੀਵ ਜੈਨ,ਸੁਦਰਸ਼ਨ ਚੌਧਰੀ,ਰਜਿੰਦਰ ਜੱਗੀ, ਸੁਰਿੰਦਰ ਸ਼ਰਮਾ,ਜੇ ਐਸ ਚਾਵਲਾ,ਅਜੇ ਬਾਂਸਲ,ਲਵਲੀ ਡਾਬਰ,ਸੁਮਿਤ ਸ਼ਰਮਾ, ਰਵਿੰਦਰ ਕੁਮਾਰ,ਸੰਜੀਵ ਚੌਧਰੀ,ਜੇ.ਐਸ ਸੇਠੀ,ਨਰੇਸ਼ ਕੁਮਾਰ,ਸ਼ਸ਼ੀ ਕੁਮਾਰ ਅਸ਼ੋਕ ਛਾਬੜਾ,ਅਸ਼ੋਕ ਬਾਲਿਆਵਾਲੀ,ਸਤੀਸ਼ ਕਪੂਰ, ਹਰਮੇਸ਼ ਪੁਰੀ,ਰਜੇਸ਼ ਬੱਬਾ ਰਮਨ ਕਪੂਰ,ਰਜੇਸ਼ ਸਹਿਗਲ, ਰਮਨ ਸ਼ਰਮਾ,ਨਵਨੀਤ ਕੁਮਾਰ,ਰਾਜੇਸ਼ ਠਾਕੁਰ ਸਮੇਤ ਹੋਰ ਵੱਖ-ਵੱਖ ਜ਼ਿਲਿਆਂ ਦੇ ਕੈਮਿਸਟਗੀ ਮੌਜੂਦ ਸਨ।

# ਕਾਨਪੁਰ ਵਿੱਚ ਇੰਦਰਾਣੀ ਦੇ 100 ਸਾਲ ਬਾਅਦ ਬਜ਼ੁਰਗ ਰਾਮਬਾਬੂ ਅਤੇ ਰਾਣੀ ਨੇ ਵੀ ਸੱਤਿਆ ਵਿੱਚ ਸਫਲਤਾਪੂਰਵਕ ਟਰਾਂਸਪਲਾਂਟ ਕੀਤਾ

ਕਾਨਪੁਰ (ਸੁਨੀਲ ਬਾਜਪਾਈ) ਜਿਵੇਂ ਕਿ ਲੋਕ ਗੋਡੇ, ਜੋੜਾਂ ਅਤੇ ਕਮਰ ਦੇ ਨੁਕਸਾਨ ਜਾਂ ਟੁੱਟਣ ਵਰਗੀਆਂ ਜਾਨਲੇਵਾ ਸਮੱਸਿਆਵਾਂ ਤੋਂ ਪੀੜਤ ਹਨ, ਇਹ ਵਧ ਰਹੀਆਂ ਹਨ। ਵੈਸੇ ਵੀ ਇਹ ਕੁਦਰਤ ਲੋੜ ਅਨੁਸਾਰ ਮਾਹਿਰ ਡਾਕਟਰਾਂ ਦੀ ਗਿਣਤੀ ਵੀ ਵਧਾ ਰਹੀ ਹੈ। ਇਸੇ ਤਰ੍ਹਾਂ ਕਾਨਪੁਰ ਦੇ ਮੰਨੇ-ਪ੍ਰਮੰਨੇ ਡਾਕਟਰ ਏ.ਕੇ. ਅਗਰਵਾਲ ਨੇ 95 ਸਾਲਾ ਰਾਣੀ ਦੇਵੀ, ਪਤਨੀ ਸਵਰਗੀ ਰਾਮ ਸ਼ੰਕਰ, ਵਾਸੀ ਔਰਈਆ ਨੂੰ ਬੁਢਾਪੇ ਵਿਚ ਕਮਰ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਇਆ ਅਤੇ ਗੁਜੈਨੀ ਦੇ ਰਹਿਣ ਵਾਲੇ 71 ਸਾਲਾ ਰਾਮਬਾਬੂ ਨੇ ਸੇਵਾਮੁਕਤ ਕੀਤਾ। ਆਰਡੀਨੈਂਸ, ਗੋਡਿਆਂ ਦੀ ਸਮੱਸਿਆ ਤੋਂ ਛੁਟਕਾਰਾ ਪਾਇਆ ਗਿਆ ਹੈ।

ਗ਼ਰੀਬ ਅਤੇ ਬੇਸਹਾਰਾ ਲੋਕਾਂ ਦੇ ਇਲਾਜ ਵਿੱਚ ਵੱਧ ਤੋਂ ਵੱਧ ਮਦਦ ਕਰਨ ਲਈ ਜਾਣੇ ਜਾਂਦੇ ਆਰਥੋਪੈਡਿਕਸ ਨਾਲ ਸਬੰਧਤ ਮੈਡੀਸਨ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਪੱਧਰ ਤੇ ਕਈ ਅਹਿਮ ਡਿਗਰੀਆਂ ਅਤੇ ਸਰਟੀਫਿਕੇਟ ਪ੍ਰਾਪਤ ਕਰ ਚੁੱਕੇ ਆਰਥੋਪੈਡਿਕ ਮਾਹਿਰ ਡਾ: ਏ.ਕੇ. ਇਸ ਤੋਂ ਪਹਿਲਾਂ ਵੀ ਉਹ ਕਾਨਪੁਰ ਦੇ ਬਾਰਾ 6 ਸਥਿਤ ਸਤਿਆ ਹਸਪਤਾਲ ਦੇ ਆਧੁਨਿਕ ਵਿਦੇਸ਼ੀ ਮਸ਼ੀਨਾਂ ਨਾਲ ਲੈਸ 100 ਸਾਲਾ ਬਜ਼ੁਰਗ ਇੰਦਰਾਣੀ ਦੇਵੀ ਵਾਸੀ ਰਾਮ ਬਿਹਾਰੀ ਸੀ. ਸਿਕੰਦਰਪੁਰ ਕਰਨ ਜਿਲ੍ਹਾ ਉਨਾਓ, ਪਿਛਲੇ ਕੁਸ਼ਲਤਾ ਨੂੰ ਸਿੱਧ ਕਰਦੇ ਹੋਏ ਸੰਯੁਕਤ ਸੰਚਾਲਨ ਦਾ ਸਫਲਤਾਪੂਰਵਕ ਪ੍ਰਦਰਸ਼ਨ ਕਰਦੇ ਹੋਏ, ਇੱਕ ਹੋਰ ਨਵਾਂ ਇਤਿਹਾਸ ਰਚਿਆ ਗਿਆ ਜਦੋਂ ਕਾਨਪੁਰ ਦੇ ਨਾਲ-ਨਾਲ ਉੱਤਰ ਪ੍ਰਦੇਸ਼ ਦੇ ਕਈ ਨਾਮੀ ਡਾਕਟਰਾਂ ਨੇ 100 ਸਾਲ ਦੀ ਇੰਦਰਾਣੀ ਦਾ ਇਲਾਜ ਕਰਨਾ ਛੱਡ ਦਿੱਤਾ।

ਦੱਸ ਦੇਈਏ ਕਿ ਹੁਣ ਤੱਕ ਡਾ: ਏ.ਕੇ. ਅਗਰਵਾਲ, ਇੱਕ ਪ੍ਰਸਿੱਧ ਆਰਥੋਪੈਡਿਕ ਸਰਜਨ, ਇੱਕ ਜਾਣੇ-ਪਛਾਣੇ ਆਰਥੋਪੈਡਿਕ ਮਾਹਿਰ, ਇੱਕ ਨੇਕ ਸੁਭਾਅ ਵਾਲੇ, ਸਧਾਰਨ ਅਤੇ ਨਿਮਰ ਵਿਅਕਤੀ, ਜਿਨ੍ਹਾਂ ਨੇ ਸੈਂਕੜੇ ਲੋਕਾਂ ਨੂੰ ਅਪਾਹਜ ਹੋਣ ਤੋਂ ਬਚਾਉਣ ਦਾ ਰਿਕਾਰਡ ਤੋੜਿਆ ਹੈ ਅਤੇ ਉਨ੍ਹਾਂ ਨੂੰ ਇੱਕ ਨਵੀਂ ਜ਼ਿੰਦਗੀ ਦੇਣ, ਹਮੇਸ਼ਾ ਜਨਤਾ ਦੇ ਕਲਿਆਣ ਵਿੱਚ ਲੱਗੇ ਹੋਏ ਹਨ, ਜੇਕੇ ਦੀ ਟੀਮ ਵਿੱਚ ਸ਼ਾਮਲ ਹੋ ਕੇ, ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ, ਮੋਰਾਰ ਜੀ ਦੇਸਾਈ



ਅਤੇ ਜੇਕੇ ਪਰਿਵਾਰ ਦੇ ਉਦਯੋਗਪਤੀ ਵਿਜੇ ਪਤ ਸਿੰਘਾਨੀਆ ਸਮੇਤ ਕਈ ਮਹੱਤਵਪੂਰਨ ਲੋਕਾਂ ਨੇ ਵੀ ਸਫਲ ਸਾਂਝੇਦਾਰੀ ਦਾ ਲਾਭ ਉਠਾਇਆ ਹੈ। ਬਦਲੀ. ਬਜ਼ੁਰਗ ਪੀੜਤਾਂ ਦੇ ਹਿੱਤ ਵਿੱਚ ਉਨ੍ਹਾਂ ਦੀ ਇਹ ਮੁਹਿੰਮ ਲਗਾਤਾਰ ਜਾਰੀ ਹੈ, ਜਿਸ ਤੋਂ ਹੁਣ ਤੱਕ ਸੈਂਕੜੇ ਲੋਕ ਲਾਭ ਉਠਾ ਚੁੱਕੇ ਹਨ। ਦੂਜੇ ਪਾਸੇ ਦੇਸ਼ ਦੀ ਮਸ਼ਹੂਰ ਗਾਇਨੀਕੋਲੋਜਿਸਟ ਅਤੇ ਪ੍ਰਸੂਤੀ ਮਾਹਿਰ ਡਾਕਟਰ ਮਨੀਸ਼ਾ ਅਗਰਵਾਲ ਦਾ ਨਾਂ ਵੀ ਔਰਤਾਂ ਦੀ ਭਲਾਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਨਾਲ-ਨਾਲ ਬੇਔਲਾਦ ਹੋਣ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਆਪਣੀ ਵੱਡੀ ਸਫਲਤਾ ਲਈ ਚਰਚਾ ਵਿੱਚ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਮਾਤਾ ਭਾਨੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 28 ਨੂੰ।



ਸ਼੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਧੰਨ ਸ਼੍ਰੀ ਗੁਰੂ ਰਾਮਦਾਸ ਜੀ ਦੀ ਸੁਪਤਨੀ ਮਾਤਾ ਭਾਨੀ ਜੀ ਦਾ ਜਨਮ ਦਿਹਾੜਾ ਮਾਤਾ ਭਾਨੀ ਜੀ ਸੇਵਾ ਸੁਸਾਇਟੀ ਸ਼੍ਰੀ ਅਨੰਦਪੁਰ ਸਾਹਿਬ ਵਲੋਂ 28 ਸਤੰਬਰ ਦਿਨ ਸ਼ਨੀਵਾਰ ਨੂੰ ਬੜੀ ਸ਼ਰਧਾ ਤੇ ਸਤਿਕਾਰ ਦੇ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਤਾ ਭਾਨੀ ਜੀ ਸੇਵਾ ਸੁਸਾਇਟੀ ਦੇ ਪ੍ਰਧਾਨ ਬੀਬੀ ਰਜਿੰਦਰ ਕੌਰ ਨੇ ਦੱਸਿਆ ਤਖਤ ਸ਼੍ਰੀ ਕੇਸਗੜ ਸਾਹਿਬ ਜੀ ਛਤਰ ਛਾਇਆ ਹੇਠ 18ਵਾਂ ਮਹਾਨ ਗੁਰਮਤ ਸਮਾਗਮ ਹੋਵੇਗਾ ਜੋ ਕਿ ਸ਼ਹੀਦਾਂ ਦੇ ਸਰਤਾਜ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਮਨਾਇਆ ਜਾਵੇਗਾ ।ਇਸ ਸਬੰਧੀ 28 ਸਤੰਬਰ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ 1 ਵਜੇ ਤੱਕ ਗੁਰਮਤ ਸਮਾਗਮ ਹੋਵੇਗਾ। ਜਿਸ ਵਿੱਚ ਤਖਤ ਸ਼੍ਰੀ ਕੇਸਗੜ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਕਾਰ ਸੇਵਾ ਵੱਲੋਂ ਬਾਬਾ ਸੁੱਚਾ ਸਿੰਘ, ਭਾਈ ਗੁਰਚਰਨ ਸਿੰਘ ਰਸੀਆ, ਭਾਈ ਗੁਰਵਿੰਦਰ ਸਿੰਘ ਹਜੂਰੀ ਰਾਗੀ ਤਖਤ ਸ਼੍ਰੀ ਕੇਸਗੜ ਸਾਹਿਬ, ਮੈਨੇਜਰ ਮਲਕੀਤ ਸਿੰਘ,ਐਡੀਸ਼ਨਲ ਮਨੇਜਰ ਹਰਦੇਵ ਸਿੰਘ ਸਮੇਤ ਪੰਥਕ ਸ਼ਖਸੀਅਤਾਂ ਹਾਜ਼ਰੀ ਭਰਨਗੀਆਂ। ਉਹਨਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਸਮਾਗਮਾਂ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਕੀਆਂ ਖੁਸ਼ੀਆਂ ਪ੍ਰਾਪਤ ਕਰੋ।

ਰੋਜ਼ਾਨਾ ਲੋਕ ਬਾਣੀ
www.lokbani

# ਬੜੀ ਇਮਾਨਦਾਰੀ ਅਤੇ ਸ਼ਿਦਤ ਦੇ ਨਾਲ ਪੰਜਾਬ ਦੇ ਲੋਕਾਂ ਦੇ ਕੰਮ ਕਰਾਂਗੇ ਤਾਂ ਜੋ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕੀਏ : ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ

ਖੰਨਾ, ਲੁਧਿਆਣਾ, (ਸੁਖਚੈਨ ਮਹਿਰਾ) ਪੇਂਡੂ ਵਿਕਾਸ ਅਤੇ ਪੰਚਾਇਤਾਂ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਲੇਬਰ, ਪ੍ਰਾਹੁਣਚਾਰੀ, ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ, ਮੰਤਰੀ, ਪੰਜਾਬ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੂੰ ਮੰਗਲਵਾਰ ਨੂੰ ਇੰਪਰੂਵਮੈਂਟ ਟਰੱਸਟ ਖੰਨਾ ਵਿਖੇ ਪਹੁੰਚਣ ਤੇ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ ਆਨਰ ਦਿੱਤਾ ਗਿਆ।

ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਨੂੰ ਪੰਜਾਬ ਸਰਕਾਰ ਦੇ ਸਭ ਤੋਂ ਅਹਿਮ ਵਿਭਾਗ ਵਜ਼ੀਰੀ ਦੇ ਰੂਪ ਵਿੱਚ ਦਿੱਤੇ ਗਏ ਹਨ। ਜਿਹਨਾਂ ਨੂੰ ਮੈ ਸਮਝਦਾ ਹਾਂ ਕਿ ਇਹ ਇੱਕ ਸੇਵਾ ਦਾ ਕੰਮ ਹੈ। ਉਹਨਾਂ ਕਿਹਾ ਕਿ ਮੈਂ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਉਣਾ ਚਾਹੁੰਦਾ ਹਾਂ ਕਿ ਜਿਸ ਉਮੀਦ ਅਤੇ ਭਰੋਸੇ ਦੇ ਨਾਲ ਤੁਸੀਂ ਮੈਨੂੰ ਚੁਣਿਆ ਸੀ ਮੈਂ ਕਦੇ ਵੀ ਉਹ ਭਰੋਸਾ ਟੁੱਟਣ ਨਹੀਂ ਦੇਵਾਂਗਾ। ਉਹਨਾਂ ਕਿਹਾ ਕਿ ਬੜੀ ਇਮਾਨਦਾਰੀ ਅਤੇ ਸ਼ਿਦਤ ਦੇ ਨਾਲ ਪੰਜਾਬ ਦੇ ਲੋਕਾਂ ਦੇ ਕੰਮ ਕਰਾਂਗੇ ਤਾਂ ਜੋ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕੀਏ।



ਉਦਯੋਗ ਤੇ ਵਣਜ ਮੰਤਰੀ ਸ੍ਰੀ ਸੌਂਦ ਨੇ ਕਿਹਾ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਕਿ ਪੰਜਾਬ ਵਿੱਚ ਉਦਯੋਗ ਵੀ ਵਧੇ ਫੂਲੇ ਇਸ ਲਈ ਉਹ ਵਿਦੇਸ਼ੀ ਕੰਪਨੀਆਂ ਨੂੰ ਵੀ ਇੱਥੇ ਉਦਯੋਗ ਸਥਾਪਿਤ ਕਰਨ ਲਈ ਸੱਦਾ ਵੀ ਦੇ ਰਹੇ ਹਨ। ਉਹਨਾਂ ਕਿਹਾ ਕਿ ਜਿਹੜੀ ਪੰਜਾਬ ਵਿੱਚ ਪਹਿਲਾਂ ਤੋਂ ਚੱਲ ਰਹੀ ਇੰਡਸਟਰੀ ਵਿੱਚ ਕੁੱਝ ਛੋਟੀਆਂ ਮੋਟੀਆਂ ਦਿੱਕਤਾਂ ਆ ਰਹੀਆਂ ਹਨ ਉਨ੍ਹਾਂ ਨੂੰ ਸਮਝ ਕੇ ਦੂਰ ਕਰਾਂਗੇਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਚਾਇਤੀ ਚੋਣਾਂ ਤੇ ਬੋਲਦੇ ਹੋਏ ਕਿਹਾ ਕਿ ਕੁਝ ਦਿਨ ਪਹਿਲਾਂ ਪੰਜਾਬ ਵਿਧਾਨ ਸਭਾ ਵਿਚ ਪੰਚਾਇਤੀ ਚੋਣਾਂ ਨੂੰ ਲੈ ਕੇ ਇੱਕ ਬਿਲ ਪਾਸ ਹੋਇਆ ਸੀ ਜਿਸ ਤਹਿਤ ਪੰਚਾਇਤੀ ਚੋਣਾਂ ਕਿਸੇ ਪਾਰਟੀ ਦੇ ਝੰਡੇ ਦੇ ਨਿਸ਼ਾਨ ਹੇਠ ਨਹੀਂ ਲੜੀਆਂ ਜਾਣਗੀਆ ਕਿਉਂਕਿ ਇਸ ਨਾਲ ਪਿੰਡਾਂ ਵਿਚ ਧੜੇਬੰਦੀ ਬਣ ਜਾਂਦੀ ਹੈ ਅਤੇ ਇਸ ਨਾਲ ਆਪਸੀ ਵੈਰ ਵਿਰੋਧ ਵਧਦਾ ਹੈ। ਉਹਨਾਂ ਕਿਹਾ ਕਿ ਇੱਕ ਦੂਜੇ ਦੀ ਜਿੱਦਬਾਜੀ ਵਿਚ ਬਹੁਤ ਰੁਪਿਆ ਵਹਾਇਆ ਜਾਂਦਾ ਹੈ ਅਤੇ ਫਿਰ ਜਿੱਤਣ ਤੋਂ ਬਾਅਦ ਉਹ ਰੁਪਿਆ ਪੂਰਾ ਕਰਨ ਲਈ ਕਿਸੇ ਹੋਰ ਤਰੀਕੇ ਦਾ ਸਹਾਰਾ ਲੈਣਾ ਪੈਂਦਾ ਹੈ। ਜਿਸ ਨਾਲ ਭਿਰਸ਼ਟਾਚਾਰ ਦਾ ਬੋਲ-ਬਾਲਾ ਹੁੰਦਾ ਹੈ ਪਰ ਸਾਡੀ ਸਰਕਾਰ ਵਿਚ ਭਿਰਸ਼ਟਾਚਾਰ ਨੂੰ ਕੋਈ ਥਾਂ ਨਹੀਂ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਸ ਬਿਲ ਦੇ ਪਾਸ ਹੋਣ ਨਾਲ ਮੈਂ ਭਰੋਸਾ ਦਿਵਾਉਦਾ ਹਾਂ ਕਿ ਜ਼ਿਆਦਾਤਰ ਸਰਪੰਚੀ ਦੀਆਂ ਚੋਣਾਂ ਸਰਬਸੰਮਤੀ ਨਾਲ ਹੀ ਹੋਣਗੀਆ। ਉਹਨਾਂ ਕਿਹਾ ਕਿ ਸਰਬਸੰਮਤੀ ਨਾਲ ਪੰਚਾਇਤ ਬਣਨ ਤੇ ਜਿਥੇ ਪਿੰਡ ਨੂੰ ਗਰਾਂਟ ਮਿਲਣੀ ਹੁੰਦੀ ਹੈ ਉੱਥੇ ਉਸ ਪਿੰਡ ਨੂੰ 5 ਲੱਖ ਰੁਪਏ ਦੀ ਵਾਧੂ ਗਰਾਂਟ ਵੀ ਦਿੱਤੀ ਜਾਵੇਗੀ। ਉਹਨਾਂ ਪੰਜਾਬ ਦੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਵੀ ਸਰਪੰਚ ਚੁਣੋਂ ਉਹ ਯੋਗ ਉਮੀਦਵਾਰ ਹੋਣ ਜਿਹਨਾਂ ਕੋਲ ਪਿੰਡਾਂ ਦੇ ਵਿਕਾਸ ਕਾਰਜ ਕਰਨ ਦਾ ਸਮਾਂ ਹੋਵੇ ਉਹਨਾਂ ਨੂੰ ਹੀ ਸਰਪੰਚ ਬਣਾਇਆ ਜਾਵੇ। ਕਿਉਂਕਿ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵਿੱਚ ਸਰਪੰਚਾਂ ਦਾ ਆਪਸ ਵਿੱਚ ਤਾਲਮੇਲ ਹੋਣਾ ਅਤੇ ਦਫ਼ਤਰ ਬੀ.ਡੀ.ਪੀ.ਓ ਦਾ ਪਿੰਡਾਂ ਨਾਲ ਤਾਲਮੇਲ ਹੋਣਾ ਬਹੁਤ ਜ਼ਰੂਰੀ ਹੈ। ਮੈਂ ਪਿੰਡਾਂ ਨਾਲ ਬਹੁਤ ਬਰੀਕੀ ਨਾਲ ਜੁੜਿਆ ਹੋਇਆ ਹਾਂ। ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਜਿੱਥੇ ਕੁਝ ਅਫ਼ਸਰਸ਼ਾਹੀ ਅਵੇਸਲੀ ਹੋਈ ਹੈ, ਉੱਥੇ ਉਹ ਸਰਕਾਰ ਦੀਆਂ ਨੀਤੀਆਂ ਨੂੰ ਪਿੰਡਾਂ ਵਿੱਚ ਪਹੁੰਚਾਉਣ ਵਿੱਚ ਅਸਫਲ ਹੋਈ ਹੈ, ਨਾਲ ਹੀ ਜੋ ਸਰਪੰਚ ਜ਼ਿਆਦਾ ਸਮਾਂ ਨਹੀ ਕੱਢ ਸਕਦੇ, ਉਨ੍ਹਾਂ ਪਿੰਡਾਂ ਦਾ ਵਿਕਾਸ ਵੀ ਨਹੀ ਹੁੰਦਾ। ਉੱਥੇ ਦੂਸਰੇ ਪਾਸੇ ਕਈ ਸਰਪੰਚ ਜੋ ਐਕਟਿਵ ਰਹਿੰਦੇ ਹਨ, ਉਨ੍ਹਾਂ ਨੇ ਆਪਣੇ ਪਿੰਡਾਂ ਨੂੰ ਸ਼ਹਿਰਾਂ ਨਾਲੋ ਵੀ ਵਧੀਆ ਬਣਾ ਲਿਆ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਜੋ ਵੀ ਸਰਪੰਚੀ ਲਈ ਉਮੀਦਵਾਰ ਚੁਣੋਗੇ ਉਹ ਪੂਰੀ ਤਰ੍ਹਾਂ ਯੋਗ ਹੋਵੇ, ਤਾਂ ਜੋ ਸਰਕਾਰ ਵੱਲੋ ਮਿਲਦੀਆਂ ਸਹੂਲਤਾਂ ਦਾ ਪੂਰਾ ਪੂਰਾ ਲਾਭ ਲਿਆ ਜਾ ਸਕੇ।

ਰੋਜ਼ਾਨਾ ਲੋਕ ਬਾਣੀ
www.lokbani







